

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ

# ਸੇਵਾ ਸਰਗਰਮੀਆਂ

ਲੜੀ ਨੰਬਰ 7, ਸਤੰਬਰ 2018 (ਅੱਸੂ, ਸੰਮਤ ਨਾਨਕਸ਼ਾਹੀ 550) । ਮੁੱਖ ਸੰਪਾਦਕ : ਦਿਲਜੀਤ ਸਿੰਘ ਬੇਦੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ- 01832553956-60 । ਈਮੇਲ- sgpcsargarmiya@gmail.com


## ਗ੍ਰੰਥੀ ਤੇ ਅਖੰਡਪਾਠੀ ਸਿੰਘ ਸਮਾਜਕ ਕੁਰੀਤੀਆਂ ਵਿਰੁੱਧ ਸੰਗਤਾਂ ਨੂੰ ਜਾਗਰੂਕ ਕਰਨ ਲਈ ਅੱਗੇ ਆਉਣ -ਭਾਈ ਲੌਂਗੋਵਾਲ

### ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਵਿਖੇ ਗੁਰਬਾਣੀ ਪਾਠ ਬੋਧ ਸਮਾਗਮ ਦੀ ਸੰਪੂਰਨਤਾ ਸਮੇਂ ਸਿੰਘ ਸਾਹਿਬਾਨ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ



ਆਲਮਗੀਰ/ਲੁਧਿਆਣਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰੂ ਘਰਾਂ ਦੀ ਸੇਵਾ ਨਿਭਾ ਰਹੇ ਗ੍ਰੰਥੀਆਂ ਅਤੇ ਅਖੰਡਪਾਠੀਆਂ ਨੂੰ ਸੱਦਾ ਦਿੱਤਾ ਕਿ ਉਹ ਸਮਾਜਕ ਕੁਰੀਤੀਆਂ ਵਿਰੁੱਧ ਸੰਗਤਾਂ ਨੂੰ ਜਾਗਰੂਕ ਕਰਨ ਲਈ ਅੱਗੇ ਆਉਣ ਤਾਂ ਜੋ ਗੁਰੂ ਸਾਹਿਬਾਨ ਦੇ ਮਿਸ਼ਨ ਅਨੁਸਾਰ ਸਮਾਜ ਵਿੱਚੋਂ ਬੁਰਾਈਆਂ ਦਾ ਖ਼ਾਤਮਾ ਹੋ ਸਕੇ। ਉਹ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਆਲਮਗੀਰ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਗ੍ਰੰਥੀਆਂ ਤੇ ਅਖੰਡਪਾਠੀਆਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਜਾਣਕਾਰੀ ਦੇਣ ਲਈ ਬੀਤੇ 40 ਦਿਨਾਂ ਤੋਂ ਚੱਲ ਰਹੇ ਗੁਰਬਾਣੀ ਪਾਠ ਬੋਧ ਸਮਾਗਮ ਦੇ ਸਮਾਪਤੀ ਸਮਾਰੋਹ ਮੌਕੇ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਗ੍ਰੰਥੀ ਤੇ ਅਖੰਡਪਾਠੀ ਸਿੰਘ ਕੌਮ ਦਾ ਅਹਿਮ ਅੰਗ ਹਨ ਜਿਨ੍ਹਾਂ ਤੋਂ ਸੰਗਤਾਂ ਪ੍ਰੇਰਣਾ ਪ੍ਰਾਪਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਗ੍ਰੰਥੀ ਸ਼੍ਰੇਣੀ ਨੂੰ ਆਪਣੀ ਸੇਵਾ ਦੌਰਾਨ ਸੰਗਤਾਂ ਨਾਲ ਸੰਵਾਦ ਰਚਾਉਣ ਵਾਲੇ ਪਾਸੇ ਵੀ ਵਿਸ਼ੇਸ਼ ਤਵੱਜੋਂ ਦੇਣੀ ਚਾਹੀਦੀ ਹੈ, ਤਾਂ ਜੋ ਸੰਗਤਾਂ ਨੂੰ ਧਰਮ ਅਤੇ ਸਿੱਖ ਇਤਿਹਾਸ ਬਾਰੇ ਸਰਲ ਢੰਗ ਨਾਲ ਜਾਣਕਾਰੀ ਪ੍ਰਾਪਤ ਹੋ ਸਕੇ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਾਠ ਬੋਧ ਸਮਾਗਮਾਂ ਦੀ ਲੜੀ ਨਿਰੰਤਰ ਜਾਰੀ ਰੱਖੀ ਜਾਵੇਗੀ ਅਤੇ ਇਸੇ ਤਹਿਤ ਅਗਲਾ ਸਮਾਗਮ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕੀਤਾ ਜਾਵੇਗਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸੰਗਤਾਂ ਗ੍ਰੰਥੀ ਸਿੰਘਾਂ ਨੂੰ ਯੋਗ ਸੇਵਾ ਫਲ ਦੇਣ ਤਾਂ ਜੋ ਉਨ੍ਹਾਂ ਨੂੰ ਪਰਿਵਾਰਾਂ ਦੇ ਪਾਲਣ-ਪੋਸ਼ਣ ਦੀ ਚਿੰਤਾ ਨਾ ਰਹੇ ਅਤੇ ਉਹ ਨਿਸਚਿੰਤ ਹੋ ਕੇ ਆਪਣੀ ਸੇਵਾ ਨਿਭਾਅ ਸਕਣ। ਉਨ੍ਹਾਂ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਕੌਮੀ ਇਕਜੁਟਤਾ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਹੇਠ ਇਕੱਤਰ ਹੋਣ ਦੀ ਅਪੀਲ ਕੀਤੀ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਗੁਰਬਾਣੀ ਦੇ ਸਿਧਾਂਤ ਵਿਲੱਖਣ ਤੇ ਜ਼ਿੰਦਗੀ ਦੇਣ ਵਾਲੇ ਹਨ ਅਤੇ ਉਹ ਦਿਨ ਦੂਰ ਨਹੀਂ ਜਦੋਂ ਗੁਰਬਾਣੀ ਦੇ ਸਿਧਾਂਤਾਂ ਅਨੁਸਾਰ ਸਮੁੱਚੇ ਸੰਸਾਰ ਦੇ ਲੋਕ ਜੀਵਨ ਸੇਧਾਂ ਨਿਰਧਾਰਤ ਕਰਨਗੇ। ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗੁਰਬਾਣੀ ਦੇ ਸਹੀ ਅਰਥਾਂ ਦੀ ਜਾਣਕਾਰੀ ਲਈ ਸ਼ੁੱਧ ਉਚਾਰਣ ਜ਼ਰੂਰੀ ਹੈ ਅਤੇ ਅਜਿਹੇ ਪਾਠ ਬੋਧ ਸਮਾਗਮ ਇਸ ਵਿਚ ਕਾਰਗਰ ਸਾਬਤ ਹੁੰਦੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਜਥੇਦਾਰ ਹਰਪਾਲ ਸਿੰਘ ਜੱਲਾ, ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ, ਮੈਂਬਰ ਜਥੇਦਾਰ ਚਰਨ ਸਿੰਘ ਆਲਮਗੀਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਪ੍ਰਿਤਪਾਲ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਗਿਆਨੀ ਗੁਰਜੀਤ ਸਿੰਘ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਗੁਰਬਾਣੀ ਪਾਠ ਬੋਧ ਸਮਾਗਮ ਦੌਰਾਨ ਸੰਥਿਆ ਪ੍ਰਾਪਤ ਕਰਨ ਵਾਲੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਜਥੇਦਾਰ ਸਾਹਿਬਾਨ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ 5100-5100 ਰੁਪਏ, ਪ੍ਰਮਾਣ ਪੱਤਰ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਸਿੰਘ ਸਾਹਿਬਾਨ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੂੰ ਵੀ ਸਨਮਾਨਿਤ ਕੀਤਾ ਗਿਆ। ਸਟੇਜ ਦੀ ਸੇਵਾ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਨਿਭਾਈ। ਇਸ ਮੌਕੇ ਜਥੇਦਾਰ ਹਰਪਾਲ ਸਿੰਘ ਜੱਲਾ, ਜਥੇਦਾਰ ਚਰਨ ਸਿੰਘ ਆਲਮਗੀਰ, ਜਥੇਦਾਰ ਅਵਤਾਰ ਸਿੰਘ ਮੱਕੜ, ਸ. ਦਵਿੰਦਰ ਸਿੰਘ ਖੱਟੜਾ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਕੰਵਲਇੰਦਰ ਸਿੰਘ ਠੇਕੇਦਾਰ, ਸ. ਪ੍ਰਿਤਪਾਲ ਸਿੰਘ, ਸ਼੍ਰੋਮਣੀ ਕਮੇਟੀ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪਰਮਜੀਤ ਸਿੰਘ ਸਰੋਆ, ਬਾਬਾ ਹਰਭਿੰਦਰ ਸਿੰਘ ਭਿੰਦਾ ਕਾਰ ਸੇਵਾ ਵਾਲੇ, ਸ. ਗੁਰਸੇਵਕ ਸਿੰਘ ਮੈਨੇਜਰ ਗੁ: ਮੰਜੀ ਸਾਹਿਬ, ਮੀਤ ਮੈਨੇਜਰ ਸ. ਗੁਰਮੀਤ ਸਿੰਘ ਸੁਨਾਮ, ਸ. ਨਰਿੰਦਰ ਸਿੰਘ ਮਥਰੇਵਾਲ, ਸ. ਜਸਬੀਰ ਸਿੰਘ ਮੈਨੇਜਰ, ਭਾਈ ਗੁਰਭਾਗ ਸਿੰਘ, ਪ੍ਰਚਾਰਕ ਭਾਈ ਸੁਰਜੀਤ ਸਿੰਘ ਸਭਰਾ, ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਅਜੀਤ ਸਿੰਘ ਆਦਿ ਮੌਜੂਦ ਸਨ।





ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਈ ਗਈ 'ਇੱਕ ਪਿੰਡ ਇੱਕ ਗੁਰਦੁਆਰਾ' ਲਹਿਰ ਤਹਿਤ ਪਿੰਡ ਰੱਖੜਾ ਦੀਆਂ ਸੰਗਤਾਂ ਵੱਲੋਂ ਪਿੰਡ ਵਿਚ ਦੋ ਤੋਂ ਇੱਕ ਗੁਰਦੁਆਰਾ ਸਾਹਿਬ ਕਰਨ ਸਮੇਂ ਕਰਵਾਏ ਗਏ ਗੁਰਮਤਿ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸੰਗਤਾਂ ਸਮਾਜਕ ਤੇ ਪੰਥਕ ਏਕਤਾ ਲਈ ਇਸ ਲਹਿਰ ਨੂੰ ਹੋਰ ਤੇਜ਼ ਕਰਨ ਤਾਂ ਜੋ ਗੁਰਮਤਿ ਅਨੁਸਾਰੀ ਸਮਾਜ ਦੀ ਸਿਰਜਣਾ ਹੋ ਸਕੇ।

## ਸਿੱਖਾਂ ਵੱਲੋਂ ਹੀ ਦਸਤਾਰ ਦੀ ਬੇਅਦਬੀ ਅਸੀਂ ਕਿੱਧਰ ਨੂੰ ਜਾ ਰਹੇ ਹਾਂ?

ਸਿੱਖ ਨੂੰ ਗੁਰੂ ਸਾਹਿਬਾਨ ਨੇ ਕੇਸਾਧਾਰੀ ਰਹਿਣ ਦਾ ਹੁਕਮ ਕੀਤਾ ਹੈ। ਕੇਸਾਂ ਦੀ ਸੰਭਾਲ ਲਈ ਦਸਤਾਰ ਜਰੂਰੀ ਅੰਗ ਹੈ। ਸਿੱਖ ਸਿਰ 'ਤੇ ਦਸਤਾਰ ਸਜਾ ਕੇ ਮਾਣ ਮਹਿਸੂਸ ਕਰਦਾ ਹੈ। ਇਤਿਹਾਸ ਵੱਲ ਝਾਤੀ ਮਾਰੀਏ ਤਾਂ ਭਾਰਤ 'ਤੇ ਅਨੇਕਾਂ ਹਮਲਾਵਰਾਂ ਨੇ ਹਮਲੇ ਕੀਤੇ। ਇਹ ਹਮਲਾਵਰ ਆਪ ਤਾਂ ਹੀਰੇ ਮੋਤੀ ਜੜ੍ਹੀਆਂ ਪੱਗਾਂ ਬੰਨਦੇ ਪਰ ਗੁਲਾਮ ਬਣਾਏ ਲੋਕਾਂ ਨੂੰ ਦਸਤਾਰ ਸਜਾਉਣ ਦਾ ਹੱਕ ਨਹੀਂ ਸੀ। ਸਿੱਖ ਗੁਰੂ ਸਾਹਿਬਾਨ ਨੇ ਮਜ਼ਲੂਮਾਂ ਤੇ ਅਤਿਆਚਾਰ ਕਰਨ ਵਾਲੇ ਇਨ੍ਹਾਂ ਹਮਲਾਵਰਾਂ ਦਾ ਡੱਟ ਕੇ ਵਿਰੋਧ ਕੀਤਾ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਤਖ਼ਤ 'ਤੇ ਬੈਠ ਸ਼ਸਤਰਾਂ ਦੀ ਵਰਤੋਂ ਦਾ ਹੁਕਮ ਕੀਤਾ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੇਂ ਦੇ ਹਾਕਮ ਵੱਲੋਂ ਲਾਈਆਂ ਪਾਬੰਦੀਆਂ ਨੂੰ ਦਰਕਿਨਾਰ ਕਰਦਿਆਂ ਨਗਾਰੇ 'ਤੇ ਚੋਟ ਲਾ ਖ਼ਾਲਸੇ ਨੂੰ ਦਸਤਾਰ ਸਜਾ ਸ਼ਸਤਰਧਾਰੀ ਹੋਣ ਦਾ ਹੁਕਮ ਕੀਤਾ।

ਸਮੇਂ ਦੀਆਂ ਸਰਕਾਰਾਂ ਵਿੱਚ ਸਿੱਖ ਦੀ ਪੱਗ ਦੀ ਚਰਚਾ ਹਮੇਸ਼ਾਂ ਰਹੀ ਹੈ। ਇਸ ਦਾ ਕਾਰਨ ਇਹ ਹੈ ਕਿ ਸਿੱਖ ਨੇ ਕਦੇ ਵੀ ਜ਼ੁਲਮ ਅੱਗੇ ਝੁੱਕ ਕੇ ਗੁਲਾਮੀ ਕਬੂਲ ਨਹੀਂ ਕੀਤੀ ਸਗੋਂ ਦਸਤਾਰ ਦੀ ਆਨ-ਸ਼ਾਨ ਲਈ ਸਿਰ-ਧੜ੍ਹ ਦੀ ਬਾਜ਼ੀ ਲਗਾ ਦਿੱਤੀ। ਭਾਰਤ ਦੀ ਅਜਾਦੀ ਲਈ ਲੜਦਿਆਂ "ਪਗੜੀ ਸੰਭਾਲ" ਦੇ ਇਨਕਲਾਬੀ ਸੰਦੇਸ਼ ਨੇ ਸਿੱਖਾਂ ਅੰਦਰ ਨਵੀਂ ਰੂਹ ਫੂਕ ਦਿੱਤੀ। ਦੂਜੀ ਵਿਸ਼ਵ ਜੰਗ ਸਮੇਂ ਬਰਤਾਨਵੀ ਫ਼ੌਜ ਵੱਲੋਂ ਲੋਹ ਟੋਪ ਪਾਉਣਾ ਲਾਜਮੀ ਕਰਾਰ ਦਿੱਤੇ ਜਾਣ 'ਤੇ ਸਿੱਖ ਫੌਜੀਆਂ ਨੇ ਇਸ ਦਾ ਡੱਟ ਕੇ ਵਿਰੋਧ ਕੀਤਾ। ਉਨ੍ਹਾਂ ਨੂੰ ਸਿਰ ਵਿਚ ਗੋਲੀ ਲੱਗ ਕੇ ਅਜਾਦ ਹਸਤੀ ਵਜੋਂ ਸ਼ਹੀਦ ਹੋਣਾ ਪ੍ਰਵਾਨ ਸੀ ਪਰ ਆਪਣੀ ਦਸਤਾਰ ਛੱਡ ਗੁਲਾਮੀ ਦੀ ਨਿਸ਼ਾਨੀ ਟੋਪ ਪਾਉਣਾ ਮਨਜੂਰ ਨਹੀਂ ਸੀ।ਦਸਤਾਰ ਸਿੱਖਾਂ ਦੀ ਅਣਖ ਤੇ ਇੱਜ਼ਤ ਦਾ ਚਿੰਨ੍ਹ ਹੈ। ਜੇ ਕਰ ਕੋਈ ਸਿੱਖ ਦੇ ਸਿਰ ਤੋਂ ਦਸਤਾਰ ਲਾਹ ਦੇਵੇ ਤਾਂ ਉਸ ਨੂੰ ਸਿਰ ਲਹਿਣ ਦੇ ਬਰਾਬਰ ਸਮਝਿਆ ਜਾਂਦਾ ਹੈ ਅਤੇ ਇਸ ਬਦਲੇ ਸਿੱਖ ਰੋਸ ਵਜੋਂ ਕੋਈ ਵੀ ਕਦਮ ਉਠਾ ਸਕਦਾ ਹੈ। ਸਿੱਖ ਦੀ ਇੱਜ਼ਤ ਨੂੰ ਕੋਈ ਹੱਥ ਪਾਵੇ ਇਹ ਬਿਲਕੁਲ ਬਰਦਾਸ਼ਤ ਨਹੀਂ, ਕਿਉਂਕਿ ਦਸਤਾਰ ਸਾਡੇ ਗੁਰੂਆਂ ਵੱਲੋਂ ਬਖ਼ਸ਼ੀ ਹੋਈ ਇੱਜ਼ਤ ਤੇ ਅਣਖ਼ ਹੈ।

ਸਿੱਖ ਅੱਜ ਦੁਨੀਆਂ ਦੇ ਹਰ ਕੋਨੇ ਵਿਚ ਵੱਸਿਆ ਹੋਇਆ ਹੈ। ਸਿੱਖਾਂ ਨੇ ਆਪਣੀ ਮੇਹਨਤ ਅਤੇ ਇਮਾਨਦਾਰੀ ਨਾਲ ਹਰ ਥਾਂ ਕਾਮਯਾਬੀ ਦੇ ਝੰਡੇ ਗੱਡੇ ਹਨ। ਪਰਾਏ ਦੇਸ਼ਾਂ ਵਿਚ ਸਿੱਖਾਂ ਨੂੰ ਦਸਤਾਰ ਲਈ ਕਈ ਸੰਘਰਸ਼ ਕਰਨੇ ਪਏ। ਸਿੱਖਾਂ ਨੂੰ ਕੰਮ 'ਤੇ ਜਾਣ ਸਮੇਂ, ਸਫਰ ਵਿਚ ਅਤੇ ਸਕੂਲਾਂ ਵਿਚ ਬੱਚਿਆਂ ਨੂੰ ਕਈ ਮੁਸ਼ਕਲਾਂ ਵਿਚੋਂ ਗੁਜਰਨਾ ਪਿਆ। ਅੱਜ ਦੁਨੀਆਂ ਦੇ ਬਹੁਤ ਸਾਰੇ ਦੇਸ਼ਾਂ ਵਿਚ ਦਸਤਾਰਧਾਰੀ ਸਿੱਖ ਉੱਚ ਅਹੁਦਿਆਂ ਤੇ ਬਿਰਾਜਮਾਨ ਹਨ ਉਨ੍ਹਾਂ ਨੇ ਆਪਣੀ ਮੇਹਨਤ ਅਤੇ ਲਗਨ ਨਾਲ ਇਹ ਮੁਕਾਮ ਹਾਸਲ ਕੀਤੇ ਹਨ।

ਪਿਛਲੇ ਦਿਨੀ ਅਮਰੀਕਾ ਦੇ ਸ਼ਹਿਰ ਯੂਬਾ ਸਿਟੀ ਦੇ ਗੁਰਦੁਆਰਾ ਸਿੱਖ ਟੈਂਪਲ ਵਿਖੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਮਨਜੀਤ ਸਿੰਘ ਜੇ. ਕੇ. 'ਤੇ ਕੁਝ ਸਿੱਖਾਂ ਨੇ ਹਮਲਾ ਕੀਤਾ। ਇਸ ਹਮਲੇ ਵਿਚ ਉਨ੍ਹਾਂ ਦੀ ਦਸਤਾਰ ਦੀ ਬੇਅਦਬੀ ਕੀਤੀ ਤੇ ਉਨ੍ਹਾਂ ਨਾਲ ਧੱਕਾਮੁੱਕੀ ਕੀਤੀ ਗਈ। ਇਸੇ ਤਰ੍ਹਾਂ ਕਈ ਦੇਸ਼ਾਂ ਵਿਚ ਸਥਿਤ ਗੁਰਦੁਆਰਾ ਸਾਹਿਬਾਨ ਅੰਦਰ ਵੀ ਕਈ ਥਾਈਂ ਪ੍ਰਬੰਧਕਾਂ ਦੀਆਂ ਆਪਸੀ ਲੜਾਈਆਂ ਵਿਚ ਕੇਸਾਂ ਤੇ ਦਸਤਾਰਾਂ ਦੀ ਬੇਅਦਬੀ ਹੋ ਚੁੱਕੀ ਹੈ। ਜਿਨ੍ਹਾਂ ਦੇਸ਼ਾਂ ਵਿਚ ਸਿੱਖਾਂ ਨੂੰ ਆਪਣੀ ਦਸਤਾਰ ਦੀ ਸ਼ਾਨ ਲਈ ਕਈ ਤਰ੍ਹਾਂ ਦੇ ਜਤਨ ਕਰਨੇ ਪੈ ਰਹੇ ਹਨ ਉਨ੍ਹਾਂ ਦੇਸ਼ਾਂ ਵਿਚ ਸਿੱਖਾਂ ਦੁਆਰਾ ਹੀ ਸਿੱਖ ਦੀ ਦਸਤਾਰ ਦੀ ਬੇਅਦਬੀ ਸਥਾਨਕ ਲੋਕਾਂ ਵਿਚ ਸਾਡਾ ਕੀ ਅਕਸ਼ ਪੇਸ਼ ਕਰੇਗੀ ਇਸ ਪਾਸੇ ਧਿਆਨ ਦੇਣ ਦੀ ਲੋੜ ਹੈ। ਜੇਕਰ ਕਿਸੇ ਨਾਲ ਵਿਚਾਰਕ ਮਤਭੇਦ ਹਨ ਤਾਂ ਉਨ੍ਹਾਂ ਨੂੰ ਮਿਲ ਬੈਠ ਕੇ ਸੁਲਝਾਉਣ ਦੀ ਲੋੜ ਹੈ। ਇਹ ਕਦਾਚਿਤ ਉਚਿਤ ਨਹੀਂ ਠਹਿਰਾਇਆ ਜਾ ਸਕਦਾ ਕਿ ਕਿਸੇ ਨਾਲ ਵਿਚਾਰਾਂ ਦੀ ਵਿਰੋਧਤਾ ਕਾਰਨ ਉਸ ਦੀ ਦਸਤਾਰ ਉਤਾਰ ਦਿੱਤੀ ਜਾਵੇ।। ਇਹ ਘਟਨਾਕ੍ਰਮ ਪੰਜਾਬੀ ਦੇ ਅਖਾਨ ਅਨੁਸਾਰ ਸੋਚਣ ਲਈ ਮਜਬੂਰ ਕਰਦਾ ਹੈ ਕਿ ਰੁੱਖ ਦੇ ਜਿਸ ਟਾਹਣ 'ਤੇ ਬੈਠੇ ਹਾਂ ਉਸੇ ਨੂੰ ਕੱਟਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਸਿੱਖ ਧਰਮ ਵਿਚ ਅੱਜ ਬਹੁਤ ਸਾਰੇ ਨੌਜਵਾਨ ਕੇਸਾਂ ਤੋਂ ਵਿਹੂਣੇ ਹਨ, ਪਰ ਇਨ੍ਹਾਂ ਵਿਚ ਗੁਰੂ ਪ੍ਰਤੀ ਸਰਧਾ ਅਤੇ ਸਤਿਕਾਰ ਵੀ ਬਹੁਤ ਹੈ। ਵੱਖ-ਵੱਖ ਸਮਾਗਮਾਂ ਸਮੇਂ ਇਹ ਵੱਧ-ਚੱੜ੍ਹ ਕੇ ਸੇਵਾਵਾਂ ਵਿਚ ਹਿੱਸਾ ਵੀ ਲੈਂਦੇ ਹਨ। ਪਰ ਗੁਰੂ ਦਾ ਹੁਕਮ ਹੈ '...ਸਾਬਤ ਸੂਰਤਿ ਦਸਤਾਰ ਸਿਰਾ' ਅਤੇ 'ਰਹਿਤ ਪਿਆਰੀ ਮੁਝ ਕੋ ਸਿੱਖ ਪਿਆਰਾ ਨਾਹਿ' ਅਨੁਸਾਰ ਸਿੱਖੀ ਸ਼ਰਧਾ ਦੇ ਨਾਲ ਸਿੱਖੀ ਸਰੂਪ ਵੀ ਅਤੀ ਜਰੂਰੀ ਹੈ। ਸਿੱਖ ਸਿਧਾਤਾਂ ਦਾ ਦਾਅਵਾ ਕਰਨ ਵਾਲੇ ਵਿਅਕਤੀ ਨੂੰ ਸਿੱਖੀ ਕਕਾਰਾਂ ਦੇ ਧਾਰਨੀ ਹੋਣਾ ਜਰੂਰੀ ਹੈ, ਸਿੱਖ ਧਰਮ ਵਿਚ ਫੋਕੀ ਦਾਵੇਦਾਰੀ ਪ੍ਰਵਾਨ ਨਹੀਂ ਹੈ। ਕਈ ਵਾਰ ਅਖੌਤੀ ਰਾਜਨੀਤਕ ਆਗੂਆਂ ਦੀ ਅਗਵਾਈ ਕੌਮ ਨੂੰ ਭੰਬਲਭੂਸੇ ਚ ਪਾ ਦਿੰਦੀ ਹੈ। ਸਹੀ ਰਸਤੇ ਦੀ ਚੋਣ ਲਈ ਸਹੀ ਅਗਵਾਈ ਦੀ ਸਖਤ ਲੋੜ ਹੁੰਦੀ ਹੈ। ਗੁੰਮਰਾਹਕੁੰਨ ਪ੍ਰਚਾਰ ਦੀ ਕੌਮੀ ਖੜੋਤ ਦਾ ਕਾਰਨ ਬਣਦਾ ਹੈ। ਇਹ ਸੋਚਣ ਵਾਲੀ ਗੱਲ ਹੈ ਕਿ ਸਿੱਖਾਂ ਨੂੰ ਆਪਣੇ ਮੂਲ ਸਿਧਾਂਤਾਂ ਤੋਂ ਦੂਰ ਲੈ ਜਾਣ ਦੇ ਅਜਿਹੇ ਅਰਥਹੀਨ ਯਤਨ ਸਿੱਖਾਂ ਨੂੰ ਖਾਨਾਜੰਗੀ ਵੱਲ ਤਾਂ ਨਹੀਂ ਧਕੇਲ ਰਹੇ, ਹਲਾਤ ਕੁਝ ਅਜਿਹੇ ਲੱਗਦੇ ਹਨ। ਅੱਜ ਲੋੜ ਹੈ ਅਸੀਂ ਸਾਰੇ ਰਲ਼ ਕੇ ਆਪਸੀ ਵਖਰੇਵੇਂ ਭੁਲਾ ਕੇ ਕੌਮ ਦੀ ਚੜ੍ਹਦੀ ਕਲਾ ਲਈ ਕੰਮ ਕਰੀਏ। ਛੋਟੇ-ਛੋਟੇ ਮਤਭੇਦਾਂ ਨਾਲ ਬਣੀਆਂ ਦੂਰੀਆਂ ਕੌਮ ਦੇ ਭਵਿੱਖ ਲਈ ਸਹਾਈ ਨਹੀਂ ਹੋ ਸਕਦੀਆਂ।

-ਦਿਲਜੀਤ ਸਿੰਘ ਬੇਦੀ

# ਸਿੱਖ ਵਫ਼ਦ ਨੇ ਸ੍ਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕਰਕੇ ਉਠਾਏ ਸਿੱਖ ਮਸਲੇ



ਅੰਮ੍ਰਿਤਸਰ- ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇੱਕ ਵਫਦ ਨੇ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨਾਲ ਮੁਲਾਕਾਤ ਕੀਤੀ ਅਤੇ ਸਿੱਖ ਮਸਲੇ ਉਠਾਏ। ਗ੍ਰਹਿ ਮੰਤਰੀ ਨੂੰ ਮਿਲੇ ਵਫਦ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਕੇਂਦਰੀ ਮੰਤਰੀ ਬੀਬੀ ਹਰਸਿਮਰਤ ਕੌਰ ਬਾਦਲ, ਦਿੱਲੀ ਕਮੇਟੀ ਪ੍ਰਧਾਨ ਸ. ਮਨਜੀਤ ਸਿੰਘ ਜੀ.ਕੇ., ਮੈਂਬਰ ਪਾਰਲੀਮੈਂਟ ਸ. ਬਲਵਿੰਦਰ ਸਿੰਘ ਭੂੰਦੜ, ਸ੍ਰੀ ਨਰੇਸ਼ ਗੁਜਰਾਲ ਤੇ ਸ. ਤਰਲੋਚਨ ਸਿੰਘ ਸਮੇਤ ਹੋਰ ਸ਼ਾਮਲ ਸਨ। ਸਿੱਖ ਵਫ਼ਦ ਨੇ ਗ੍ਰਹਿ ਮੰਤਰੀ ਕੋਲ ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ ਦਾ ਜਲਦ ਨਿਪਟਾਰਾ ਕਰਨ, ਸਜਾਵਾਂ ਪੂਰੀਆਂ ਕਰਨ ਵਾਲੇ ਸਿੱਖਾਂ ਦੀ ਰਿਹਾਈ ਕਰਨ, ਗੁਰਦੁਆਰਾ ਕਰਤਾਰਪੁਰ ਸਾਹਿਬ ਪਾਕਿਸਤਾਨ ਲਈ ਖੁੱਲ੍ਹਾ ਲਾਂਘਾ ਦੇਣ, ਜੰਮੂ ਕਸ਼ਮੀਰ ਵਿਚ ਸਿੱਖਾਂ ਨੂੰ ਘੱਟ ਗਿਣਤੀ ਦਾ ਦਰਜਾ ਦੇਣ ਸਮੇਤ ਹੋਰ ਸਿੱਖ ਮਸਲਿਆਂ ਦਾ ਹੱਲ ਕਰਨ ਦੀ ਅਪੀਲ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸ੍ਰੀ ਰਾਜਨਾਥ ਸਿੰਘ ਨੂੰ ਮਿਲਣ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਮਸਲਿਆਂ ਸਬੰਧੀ ਇਕ ਮੰਗ ਪੱਤਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ 'ਚ ਸ੍ਰੀ ਰਾਜਨਾਥ ਸਿੰਘ ਕੋਲ ਦੁਹਰਾਇਆ ਗਿਆ ਹੈ ਕਿ ਉਸ ਦੀ ਫਾਂਸੀ ਦੀ ਸਜਾ ਮੁਆਫ ਕਰਨ ਬਾਰੇ ਸ਼੍ਰੋਮਣੀ ਕਮੇਟੀ ਦੀ ਅਪੀਲ ਦਾ ਜਲਦ ਨਿਪਟਾਰਾ ਕੀਤਾ ਜਾਵੇ ਅਤੇ ਸਜਾਵਾਂ ਪੂਰੀਆਂ ਕਰਨ ਤੋਂ ਬਾਅਦ ਵੀ ਦੇਸ਼ ਦੀਆਂ ਵੱਖ ਵੱਖ ਜੇਲ੍ਹਾਂ ਵਿਚ ਨਜ਼ਰਬੰਦ ਸਿੰਘਾਂ ਦੀ ਰਿਹਾਈ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇੱਕ ਹੋਰ ਮੰਗ ਰਾਹੀਂ ਸ਼ਿਲਾਂਗ ਤੇ ਮੁੰਬਈ ਦੇ ਸਿੱਖਾਂ ਦੀਆਂ ਰਿਹਾਇਸ਼ੀ ਕਲੋਨੀਆਂ ਬਚਾਉਣ ਲਈ ਵੀ ਗ੍ਰਹਿ ਮੰਤਰੀ ਤੋਂ ਦਖਲ ਮੰਗਿਆ ਗਿਆ ਹੈ। ਇਸ ਤੋਂ ਇਲਾਵਾ ਤਖਤ ਸ੍ਰੀ ਹਜ਼ੂਰ ਅਬਚਲ ਨਗਰ ਸਾਹਿਬ ਬੋਰਡ ਨਾਂਦੇੜ ਐਕਟ 1956 ਵਿਚ ਮਹਾਰਾਸ਼ਟਰ ਸਰਕਾਰ ਵੱਲੋਂ ਤਬਦੀਲੀ ਕਰਨ ਦੇ ਵਿਚਾਰ ਨੂੰ ਰੋਕਣ ਦੀ ਅਪੀਲ ਕੀਤੀ ਗਈ। ਮੰਗ ਪੱਤਰ ਰਾਹੀਂ ਗ੍ਰਹਿ ਮੰਤਰੀ ਨੂੰ ਸ਼੍ਰੋਮਣੀ ਕਮੇਟੀ ਦੇ ਸੈਕਸ਼ਨ-87 ਤਹਿਤ ਆਉਂਦੇ ਉਨ੍ਹਾਂ ਗੁਰਦੁਆਰਿਆਂ ਨੂੰ ਸੈਕਸ਼ਨ-85 ਅਧੀਨ ਲਿਆਉਣ ਲਈ ਜਲਦ ਨੋਟੀਫਿਕੇਸ਼ਨ ਜਾਰੀ ਕਰਨ ਲਈ ਵੀ ਕਿਹਾ ਗਿਆ ਜੋ ਸ਼ਰਤਾਂ ਪੂਰੀਆਂ ਕਰਦੇ ਹਨ। ਸ. ਬੇਦੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਸਿੱਖ ਬੀਬੀਆਂ ਨੂੰ ਹੈਲਮੈਟ ਲਾਜਮੀ ਕਰਨ ਦੇ ਫੈਸਲੇ 'ਤੇ ਮੁੜ ਵਿਚਾਰ ਕਰਨ ਲਈ ਕਹਿਣ ਅਤੇ ਭਾਰਤ ਵਿਚ ਲੰਮੇ ਅਰਸੇ ਤੋਂ ਰਹਿ ਰਹੇ ਅਫ਼ਗਾਨੀ ਸਿੱਖਾਂ ਨੂੰ ਭਾਰਤ ਦੀ ਨਾਗਰਿਕਤਾ ਦੇਣ ਦੀ ਵੀ ਮੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਗ੍ਰਹਿ ਮੰਤਰੀ ਵੱਲੋਂ ਸਾਰੇ ਸਿੱਖ ਮਸਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਇਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਆਰੰਭਣ ਲਈ ਨਿਰਦੇਸ਼ ਦਿੱਤੇ ਗਏ ਹਨ।

# ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 31ਵੇਂ ਹਫਤਾਵਾਰੀ ਸਮਾਗਮ ਸਮੇਂ 157 ਪ੍ਰਾਣੀਆਂ ਅੰਮ੍ਰਿਤ ਛੱਕਿਆ



ਤਲਵੰਡੀ ਸਾਬੋ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਫ਼ਤਾਵਾਰੀ ਸਮਾਗਮਾਂ ਦੀ ਲੜੀ ਤਹਿਤ ਅੱਜ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ 31ਵਾਂ ਹਫ਼ਤਾਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ। ਹਫ਼ਤਾਵਾਰੀ ਗੁਰਮਤਿ ਸਮਾਗਮ ਵਿਚ ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ, ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ (ਸ੍ਰੀ ਅੰਮ੍ਰਿਤਸਰ), ਭਾਈ ਸੰਤੋਖ ਸਿੰਘ ਹਜ਼ੂਰੀ ਰਾਗੀ ਤਖ਼ਤ ਸਾਹਿਬ, ਭਾਈ ਜਗਦੇਵ ਸਿੰਘ ਸਾਹੋਕੇ ਕਵੀਸ਼ਰੀ ਜਥਾ, ਭਾਈ ਦਲਜੀਤ ਸਿੰਘ ਵਿਛੋਆ ਢਾਡੀ ਜਥਾ, ਭਾਈ ਸਤਪਾਲ ਸਿੰਘ ਐਮ. ਏ. ਢਾਡੀ ਜਥਾ, ਭਾਈ ਅਮਰਦੀਪ ਸਿੰਘ ਪ੍ਰਚਾਰਕ ਅਤੇ ਭਾਈ ਹਰਪ੍ਰੀਤ ਸਿੰਘ ਪ੍ਰਚਾਰਕ ਵਲੋਂ ਗੁਰ ਜਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਭਾਈ ਭੋਲਾ ਸਿੰਘ ਇੰਚਾਰਜ ਸਬ-ਆਫ਼ਸਿ ਧਰਮ ਪ੍ਰਚਾਰ ਕਮੇਟੀ, ਤਖ਼ਤ ਸ੍ਰੀ ਦਮਦਮਾ ਸਾਹਿਬ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਲੋਂ ਚਲਾਈ ਗੁਰਮਤਿ ਪ੍ਰਚਾਰ ਵਹੀਰ ਦੀ ਪ੍ਰੇਰਨਾ ਸਦਕਾ ਵੱਖ-ਵੱਖ ਇਲਾਕਿਆਂ ਤੋਂ 157 ਪ੍ਰਾਣੀਆਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਪਹੁੰਚ ਕੇ ਖੰਡੇ ਬਾਟੇ ਦੀ ਪਾਹੁਲ ਛਕੀ। ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਵਲੋਂ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਵਧਾਈ ਦਿੱਤੀ। ਇਸ ਸਮੇਂ ਜਥੇਦਾਰ ਗੁਰਤੇਜ ਸਿੰਘ ਢੱਡੇ ਮੈਂਬਰ ਅੰਤ੍ਰਿਗ ਕਮੇਟੀ, ਭਾਈ ਕਰਨ ਸਿੰਘ ਮੈਨੇਜਰ ਤਖ਼ਤ ਸ੍ਰੀ ਦਮਦਮਾ ਸਾਹਿਬ, ਭਾਈ ਜਸਵਿੰਦਰ ਸਿੰਘ ਸਹੂਰ ਪ੍ਰਚਾਰਕ, ਭਾਈ ਸਵਰਨ ਸਿੰਘ ਮੂਸਾ ਅਤੇ ਭਾਈ ਅਮਨਦੀਪ ਸਿੰਘ ਫੱਤਾ ਆਦਿ ਹਾਜ਼ਰ ਸਨ।

# ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਮਤਿ ਕੈਂਪ ਵਿਚ ਭਾਗ ਲੈਣ ਵਾਲੇ ਬੱਚੇ ਸਨਮਾਨਤ



ਮੋਗਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਪੁਰਬ ਕਮੇਟੀ ਰਜਿ. ਮੋਗਾ ਅਤੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਂਝੇ ਉਪਰਾਲੇ ਨਾਲ ਬੱਚਿਆਂ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਬੰਧੀ ਸ਼ਹਿਰ ਦੇ ਵੱਖ-ਵੱਖ 11 ਗੁਰਦੁਆਰਾ ਸਾਹਿਬ ਵਿਖੇ ਬੱਚਿਆਂ ਦੇ ਧਾਰਮਿਕ ਕੈਂਪ ਲਗਾਏ ਗਏ ਸਨ, ਜਿਸ ਦੌਰਾਨ ਬੱਚਿਆਂ ਦੀ ਧਾਰਮਿਕ ਪ੍ਰੀਖਿਆ ਲਈ ਗਈ ਸੀ ਜਿਸ ਵਿਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਨ ਲਈ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਨ੍ਹਾਂ ਕੈਂਪਾਂ ਦੌਰਾਨ 400 ਤੋਂ ਵੱਧ ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਪਹਿਲੇ ਤੇ ਦੂਸਰੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਨ੍ਹਾਂ ਕੈਂਪਾਂ ਵਿਚ 80 ਦੇ ਕਰੀਬ ਬੱਚਿਆਂ ਨੇ ਕਵੀਸ਼ਰੀ, ਕੀਰਤਨ ਅਤੇ ਧਾਰਮਿਕ ਲੈਕਚਰ ਸਟੇਜ 'ਤੇ ਪੇਸ਼ ਕੀਤੇ। ਸਮਾਗਮ ਵਿਚ ਵਿਸ਼ੇਸ ਤੌਰ ਤੇ ਪਹੁੰਚੇ ਸ. ਭੋਲਾ ਸਿੰਘ ਇੰਚਾਰਜ ਸਬ ਆਫ਼ਸਿ ਧਰਮ ਪ੍ਰਚਾਰ ਕਮੇਟੀ ਤਲਵੰਡੀ ਸਾਬੋ, ਭਾਈ ਗੁਰਜੰਟ ਸਿੰਘ ਹੈੱਡ ਗ੍ਰੰਥੀ, ਤਖ਼ਤ ਸ੍ਰੀ ਦਮਦਮਾ ਸਾਹਿਬ, ਸ. ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਪ੍ਰਧਾਨ ਸ. ਜਗਮੋਹਣ ਸਿੰਘ, ਸ. ਰਾਜਪਾਲ ਸਿੰਘ, ਸੰਤ ਮਹਿੰਦਰ ਸਿੰਘ ਜਨੇਰ ਵਾਲੇ, ਬਾਬਾ ਕੁਲਦੀਪ ਸਿੰਘ ਸੇਖਾ ਨੇ ਸਨਮਾਨਤ ਕੀਤਾ। ਇਸ ਮੌਕੇ ਸ. ਗੁਰਦੀਪ ਸਿੰਘ ਸਚਦੇਵਾ, ਸ. ਅਰਵਿੰਦਰ ਸਿੰਘ ਹੈਪੀ, ਸ. ਪਰਮਜੀਤ ਸਾਬਕਾ ਐਸ.ਡੀ.ਓ., ਸ. ਤਰਸੇਮ ਸਿੰਘ, ਸ. ਮਨਜੀਤ ਸਿੰਘ ਸਟੱਡੀ ਸਰਕਲ, ਸ. ਨਰਿੰਦਰ ਸਿੰਘ, ਸ. ਹਰਨੇਕ ਸਿੰਘ, ਸ. ਕੇਵਲ ਸਿੰਘ, ਸ. ਗੁਰਮੇਲ ਸਿੰਘ ਕੜਿਆਲ, ਬੀਬੀ ਸੁਰਿੰਦਰ ਕੌਰ ਸੋਢੀ, ਸ. ਰਣਜੀਤ ਸਿੰਘ ਮਾਲਵਾ, ਬੀਬੀ ਉਪਿੰਦਰ ਕੌਰ, ਬੀਬੀ ਚਰਨਜੀਤ ਕੌਰ, ਬੀਬੀ ਮਨਜੀਤ ਕੌਰ, ਬੀਬੀ ਸਤਿੰਦਰ ਕੌਰ, ਬੀਬੀ ਗਗਨਦੀਪ ਕੌਰ, ਬੀਬੀ ਮਨਦੀਪ ਕੌਰ, ਬੀਬੀ ਸ਼ਰਨਜੀਤ ਕੌਰ, ਬੀਬੀ ਪਰਮਜੀਤ ਕੌਰ, ਸ. ਜਸਵੰਤ ਸਿੰਘ ਲੁਹਾਮ, ਪ੍ਰਿੰਸੀਪਲ ਜੋਗਿੰਦਰ ਸਿੰਘ ਲੁਹਾਮ, ਰਾਗੀ ਭਾਈ ਜਸਵਿੰਦਰ ਸਿੰਘ ਚੀਮਾ, ਸ. ਹਰਕ੍ਰਿਸ਼ਨ ਸਿੰਘ ਪਟਨੇ ਵਾਲੇ ਸਮੇਤ ਸ਼ਹਿਰ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਪਿੰਡ ਖੜ੍ਹਾ ਪੱਥਰ, ਪਿੰਜੌਰ ਵਿਖੇ ਬੱਚਿਆਂ ਦੇ ਲਗਾਏ ਗਏ ਗੁਰਮਤਿ ਕੈਂਪ ਸਮੇਂ ਭਾਈ ਮਨਮੀਤ ਸਿੰਘ ਤੇ ਭਾਈ ਰਣਜੀਤ ਸਿੰਘ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ।



ਔਕਸਫੋਰਡ ਇੰਟਰਨੈਸ਼ਨਲ ਸਕੂਲ ਬੇਗੋਵਾਲ ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਪਰੇਮਜੀਤ ਸਿੰਘ।

# ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਸਮੇਂ 218 ਪ੍ਰਾਣੀ ਗੁਰੂ ਵਾਲੇ ਬਣੇ



ਡੇਰਾ ਬਾਬਾ ਨਾਨਕ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮਾਨਯੋਗ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਪ੍ਰੇਰਨਾ ਸਦਕਾ ਚੱਲ ਰਹੀ ਗੁਰਮਤਿ ਪ੍ਰਚਾਰ ਲਹਿਰ ਦੇ ਤਹਿਤ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘ ਜੀ ਦੇ ਸਹਿਯੋਗ ਨਾਲ ਮਾਝਾ ਜ਼ੋਨ ਦੇ ਹਲਕਾ ਡੇਰਾ ਬਾਬਾ ਨਾਨਕ ਦੇ ਨੌਜਵਾਨ ਆਗੂ ਭਾਈ ਸੁਖਵਿੰਦਰ ਸਿੰਘ ਅਗਵਾਨ ਦੀ ਅਗਵਾਈ ਵਿੱਚ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਪੰਜ ਪਿਆਰੇ ਸਹਿਬਾਨ ਨੇ ਪਹੁੰਚ ਕੇ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿਤ ਦੀ ਦਾਤ ਬਖਸ਼ਿਸ਼ ਕੀਤੀ। ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਜ਼ਿਕਰਯੋਗ ਹੈ ਕਿ ਧਰਮ ਪ੍ਰਚਾਰ ਕਮੇਟੀ ਵੱਲੋਂ ਪਿਛਲੇ ਇੱਕ ਮਹੀਨੇ ਤੋਂ ਨੌਜਵਾਨ ਆਗੂ ਭਾਈ ਸੁਖਵਿੰਦਰ ਸਿੰਘ ਅਗਵਾਨ ਦੀ ਅਗਵਾਈ ਵਿੱਚ ਵੱਖ ਵੱਖ ਪਿੰਡਾਂ ਵਿੱਚ ਗੁਰਮਤਿ ਸਮਾਗਮ ਕੀਤੇ ਜਾ ਰਹੇ ਸਨ ਜਿਸ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਗਦੀਪ ਸਿੰਘ ਕਲਾਨੌਰ, ਭਾਈ ਹਿੰਮਤਬੀਰ ਸਿੰਘ ਵੀਲ੍ਹਾ, ਭਾਈ ਜਗਦੀਸ਼ ਸਿੰਘ ਵਡਾਲਾ ਢਾਡੀ ਜਥਾ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਪਰਮਜੀਤ ਸਿੰਘ, ਭਾਈ ਜਸਵਿੰਦਰ ਸਿੰਘ ਅਤੇ ਭਾਈ ਗੁਰਮੀਤ ਸਿੰਘ ਵੱਲੋਂ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਦੀ ਪ੍ਰੇਰਨਾ ਕੀਤੀ ਗਈ ਸੀ। ਹਲਕੇ ਦੇ ਕਰੀਬ 20 ਪਿੰਡਾਂ ਵਿੱਚ ਸਮਾਗਮ ਕਰਨ ਉਪਰੰਤ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ, ਡੇਰਾ ਬਾਬਾ ਨਾਨਕ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ ਜਿਸ ਵਿੱਚ 218 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।

ਭਾਈ ਸੁਖਵਿੰਦਰ ਸਿੰਘ ਅਗਵਾਨ ਵੱਲੋਂ ਇਸ ਮੌਕੇ ਸਮੂਹ ਪਿੰਡਾਂ ਦੇ ਗ੍ਰੰਥੀ ਸਿੰਘਾਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਵਧਾਈ ਦਿੱਤੀ । ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਹਿਬਾਨ ਅਤੇ ਸੇਵਾ ਨਿਭਾਉਣ ਵਾਲੇ ਸਿੰਘਾਂ ਨੂੰ ਗੁਰੂ ਘਰ ਵੱਲੋਂ ਸਿਰਪਾਓ ਦੀ ਬਖਸ਼ਿਸ਼ ਕੀਤੀ ਗਈ। ਇਸ ਮੌਕੇ ਤੇ ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਮੈਨੇਜਰ ਸ. ਗੁਰਦੇਵ ਸਿੰਘ ਮਾਨ, ਭਾਈ ਜਗਤਾਰ ਸਿੰਘ ਗ੍ਰੰਥੀ, ਭਾਈ ਗੁਰਦੇਵ ਸਿੰਘ ਗ੍ਰੰਥੀ, ਸ. ਨਿਰਮਲ ਸਿੰਘ ਰਿਕਾਰਡ ਕੀਪਰ, ਸ. ਕਸ਼ਮੀਰ ਸਿੰਘ ਸਮਰਾਵਾਂ, ਸ. ਸੁਖਦੇਵ ਸਿੰਘ ਖ਼ਾਲਸਾ, ਸ. ਮਗਵਿੰਦਰ ਸਿੰਘ ਮੰਗੀਆਂ, ਸ. ਸੁਲੱਖਣ ਸਿੰਘ ਸਿੰਘਪੁਰਾ, ਸ. ਇੰਦਰਜੀਤ ਸਿੰਘ ਠੇਠਰਕੇ, ਸ. ਅਮਰਜੀਤ ਸਿੰਘ ਬਾਜਵਾ, ਸ. ਗੁਰਪ੍ਰੀਤ ਸਿੰਘ ਧਰਮਕੋਟ, ਸ. ਗੁਰਦਰਸ਼ਨ ਸਿੰਘ ਮੰਡ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

# ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਵਿਖੇ ਭਾਈ ਘਨੱਈਆ ਜੀ ਦੀ 300 ਸਾਲਾ ਬਰਸੀ ਸਮਰਪਿਤ ਦੋ ਰੋਜ਼ਾ ਮੁੱਢਲੀ ਸਹਾਇਤਾ ਸਿਖਲਾਈ ਕੈਂਪ ਲਗਾਇਆ



ਸ੍ਰੀ ਅਨੰਦਪੁਰ ਸਾਹਿਬ – ਸਥਾਨਕ ਸ੍ਰੀ ਗੁਰੂ ਤੇਗ਼ ਬਹਾਦਰ ਖ਼ਾਲਸਾ ਕਾਲਜ ਵਿਖੇ ਭਾਈ ਘਨੱਈਆ ਜੀ ਦੀ 300ਵੀਂ ਬਰਸੀ ਨੂੰ ਸਮਰਪਿਤ ਦੋ ਰੋਜ਼ਾ ਮੁੱਢਲੀ ਸਹਾਇਤਾ ਸਿਖਲਾਈ ਕੈਂਪ ਸ਼ੁਰੂ ਕੀਤਾ ਗਿਆ। ਇਹ ਕੈਂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਭਾਈ ਘਨੱਈਆ ਚੈਰੇਟੀ ਐਂਡ ਪੀਸ ਇੰਟਰਨੈਸ਼ਨਲ ਫਾਊਂਡੇਸ਼ਨ ਵਲੋਂ ਲਗਾਇਆ ਗਿਆ। ਕੈਂਪ ਦੇ ਉਦਘਾਟਨੀ ਸਮਾਗਮ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਸਮਾਗਮ ਨੂੰ ਸੰਬੋਧਨ ਕਰਦਿਆਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਭਾਈ ਘਨੱਈਆ ਜੀ ਵਰਗੀ ਸਮਰਪਣ ਅਤੇ ਸੇਵਾ ਦੀ ਮਿਸਾਲ ਦੁਨੀਆ ਦੇ ਕਿਸੇ ਹੋਰ ਧਰਮ ਵਿਚ ਨਹੀਂ ਮਿਲਦੀ। ਉਨ੍ਹਾਂ ਨੌਜਵਾਨਾਂ ਨੂੰ ਭਾਈ ਘਨੱਈਆ ਜੀ ਦੇ ਜੀਵਨ ਤੋਂ ਸੇਧ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਸ ਮੌਕੇ ਅਪੀਲ ਕੀਤੀ ਕਿ ਪੂਰੇ ਵਿਸ਼ਵ ਵਿਚ ਵਸਦੀਆਂ ਸਿੱਖ ਸੰਗਤਾਂ ਨੂੰ 20 ਸਤੰਬਰ ਨੂੰ ਭਾਈ ਘਨੱਈਆ ਜੀ ਦੇ ਜੋਤੀ ਜੋਤ ਦਿਵਸ ਨੂੰ 'ਸੇਵਾ ਦਿਵਸ' ਵਜੋਂ ਮਨਾਉਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਦੇ ਸਾਬਕਾ ਜਨਰਲ ਸਕੱਤਰ ਤੇ ਮੈਂਬਰ ਸ਼੍ਰੋਮਣੀ ਕਮੇਟੀ ਭਾਈ ਅਮਰਜੀਤ ਸਿੰਘ ਚਾਵਲਾ ਤੇ ਪ੍ਰਿੰ. ਸੁਰਿੰਦਰ ਸਿੰਘ ਨੇ ਭਾਈ ਘਨੱਈਆ ਜੀ ਦੇ ਜੀਵਨ 'ਤੇ ਰੌਸ਼ਨੀ ਪਾਉਂਦਿਆਂ ਵਿਦਿਆਰਥੀਆਂ ਨੂੰ ਇਸ ਦੋ ਰੋਜ਼ਾ ਕੈਂਪ ਤੋਂ ਸੇਧ ਲੈ ਕੇ ਆਪਣੇ ਜੀਵਨ ਵਿਚ ਸਕਾਰਾਤਮਿਕ ਬਦਲਾਅ ਲਿਆਉਣ ਲਈ ਪ੍ਰੇਰਿਤ ਕੀਤਾ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਇਸ ਮੌਕੇ 'ਤੇ ਸ਼੍ਰੋਮਣੀ ਕਮੇਟੀ ਵਲੋਂ ਲੋਕ ਸੇਵਾ ਲਈ ਕੀਤੇ ਜਾ ਰਹੇ ਕੰਮਾਂ 'ਤੇ ਚਾਨਣਾ ਪਾਇਆ। ਡਾਇਰੈਕਟਰ ਸਿੱਖਿਆ ਡਾ: ਜਤਿੰਦਰ ਸਿੰਘ ਸਿੱਧੂ ਨੇ ਆਖਿਆ ਕਿ ਅਜਿਹੇ ਕੈਂਪ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਵਿੱਦਿਅਕ ਅਦਾਰਿਆਂ ਵਿਚ ਲਗਾਏ ਜਾਣਗੇ ਤਾਂ ਜੋ ਨਵੀਂ ਪੀੜ੍ਹੀ ਆਪਣੇ ਗੌਰਵਮਈ ਇਤਿਹਾਸ ਨਾਲ ਜੁੜ ਸਕੇ ਤੇ ਸਮਾਜ ਸੇਵਾ ਵਿਚ ਸ਼੍ਰੋਮਣੀ ਕਮੇਟੀ ਦੀਆਂ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀ ਵਡਮੁੱਲਾ ਯੋਗਦਾਨ ਪਾ ਸਕਣ। ਇਸ ਤੋਂ ਪਹਿਲਾ ਕਾਲਜ ਦੇ ਪ੍ਰਿੰਸੀਪਲ ਡਾ: ਜਸਵੀਰ ਸਿੰਘ ਵਲੋਂ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਇਸ ਮੌਕੇ ਸ. ਸੁੱਖਵਰਸ਼ ਸਿੰਘ ਪੰਨੂ ਮੈਂਬਰ ਧਰਮ ਪ੍ਰਚਾਰ ਕਮੇਟੀ, ਡਾ: ਪਰਮਜੀਤ ਸਿੰਘ ਸਰੋਆ, ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਪ੍ਰਿੰ. ਬਲਜਿੰਦਰ ਸਿੰਘ, ਪ੍ਰੋ: ਬਹਾਦਰ ਸਿੰਘ, ਭਾਈ ਸਰਬਜੀਤ ਸਿੰਘ ਢੋਟੀਆਂ, ਸ. ਨਰਿੰਦਰ ਸਿੰਘ ਅਹੂਜਾ ਮੈਂਬਰ, ਭਾਈ ਘਨੱਈਆ ਜੀ ਚੈਰੇਟੀ ਐਂਡ ਪੀਸ ਫਾਊਂਡੇਸ਼ਨ, ਸ. ਜਸਵੀਰ ਸਿੰਘ, ਸ. ਹਰਜਿੰਦਰ ਸਿੰਘ ਮੱਸੇਵਾਲ, ਸ. ਭੁਪਿੰਦਰ ਸਿੰਘ, ਸ. ਰਜਿੰਦਰ ਸੈਣੀ, ਕੇ. ਕੇ. ਸੈਣੀ ਅਤੇ ਸ੍ਰੀਮਤੀ ਰੋਹੀਣੀ ਹਾਜ਼ਰ ਸਨ।

ਮੁੱਖ ਸੰਪਾਦਕ:
ਦਿਲਜੀਤ ਸਿੰਘ ਬੇਦੀ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸ਼੍ਰੋਮਣੀ ਕਮੇਟੀ ਵੱਲੋਂ ਛੇਵਾਂ ਗੁਰਬਾਨੀ ਪਾਠ ਬੋਧ ਸਮਾਗਮ ਗੁਰਦੁਆਰਾ ਨਾਨਕਸਰ ਤਖ਼ਤੂਪੁਰਾ ਵਿਖੇ ਆਰੰਭ

## ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਸਿੱਖਿਆ ਦੇਣ ਵਿਚ ਸਹਾਈ ਹੁੰਦੇ ਹਨ ਗੁਰਬਾਣੀ ਪਾਠ ਬੋਧ ਸਮਾਗਮ – ਗਿਆਨੀ ਹਰਪ੍ਰੀਤ ਸਿੰਘ



ਨਿਹਾਲ ਸਿੰਘ ਵਾਲਾ/ਮੋਗਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਭਰ ਵਿਚ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਉਚਾਰਨ ਦੀ ਜਾਣਕਾਰੀ ਦੇਣ ਲਈ ਆਰੰਭੀ ਗਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਲੜੀ ਤਹਿਤ ਗੁਰਦੁਆਰਾ ਨਾਨਕਸਰ ਸਾਹਿਬ ਤਖਤੂਪੁਰਾ ਵਿਖੇ ਛੇਵਾਂ ਪਾਠ ਬੋਧ ਸਮਾਗਮ ਸ਼ੁਰੂ ਕੀਤਾ ਗਿਆ। ਸਮਾਗਮ ਦੀ ਆਰੰਭਤਾ ਸਮੇਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਅਤੇ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਸ਼ਮੂਲੀਅਤ ਕੀਤੀ ਅਤੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ।

ਇਸ ਸਮਾਗਮ ਵਿਚ 600 ਦੇ ਕਰੀਬ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੇ ਭਾਗ ਲਿਆ, ਜਿਨ੍ਹਾਂ ਨੂੰ ਲਗਾਤਾਰ ਇਕ ਮਹੀਨਾ ਸੰਪੂਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੰਥਿਆ ਦਿੱਤੀ ਜਾਵੇਗੀ। ਇਸ ਤੋ ਇਲਾਵਾ 40 ਬੀਬੀਆਂ ਵੀ ਗੁਰਬਾਣੀ ਉਚਾਰਨ ਦੀ ਜਾਣਕਾਰੀ ਪ੍ਰਾਪਤ ਕਰਨ ਲਈ ਸਮਾਗਮ ਵਿਚ ਸ਼ਾਮਲ ਹੋਈਆਂ।

ਇਸ ਮੌਕੇ ਸੰਬੋਧਨ ਕਰਦਿਆਂ ਤਖ਼ਤ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਯਤਨ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਸਿੱਖਿਆ ਦੇਣ ਵਿਚ ਸਹਾਈ ਹੋਵੇਗਾ। ਗ੍ਰੰਥੀ ਅਤੇ ਅਖੰਡਪਾਠੀ ਸਿੰਘ ਸਿੱਖ ਕੌਮ ਦੀ ਉਹ ਸ਼੍ਰੇਣੀ ਹੈ, ਜਿਸ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਾ ਹੁੰਦਾ ਹੈ ਅਤੇ ਇਸ ਸ਼੍ਰੇਣੀ ਦਾ ਸਾਨੂੰ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਗ੍ਰੰਥੀ ਸ਼੍ਰੇਣੀ ਨੂੰ ਵੀ ਇਸ ਖੇਤਰ ਵਿਚ ਮੁਕੰਮਲ ਸਿੱਖਿਆ ਪ੍ਰਾਪਤ ਕਰ ਕੇ ਆਉਣ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਗ੍ਰੰਥੀ ਸ਼੍ਰੇਣੀ ਨੂੰ ਕੌਮੀ ਮਸਲਿਆਂ ਸਬੰਧੀ ਸੰਗਤਾਂ ਵਿਚ ਪੈਦਾ ਹੁੰਦੀਆਂ ਦੁਬਿਧਾਵਾਂ ਗੁਰਮਤਿ ਜੁਗਤ ਅਨੁਸਾਰ ਖ਼ਤਮ ਕਰਨ ਲਈ ਪਹੁੰਚ ਅਪਨਾਉਣ ਦੀ ਲੋੜ 'ਤੇ ਵੀ ਜ਼ੋਰ ਦਿਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਸ. ਗੁਰਮੇਲ ਸਿੰਘ ਸੰਗਤਪੁਰਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗ੍ਰੰਥੀ ਅਤੇ ਅਖੰਡ ਪਾਠੀ ਸਿੰਘਾਂ ਨੂੰ ਗੁਰਬਾਣੀ ਦੇ ਸ਼ੁੱਧ ਉਚਾਰਨ ਦੀ ਜਾਣਕਾਰੀ ਦੇਣ ਲਈ ਗੁਰਬਾਣੀ ਪਾਠ ਬੋਧ ਸਮਾਗਮਾਂ ਦੀ ਆਰੰਭ ਕੀਤੀ ਗਈ ਲੜੀ ਸ਼ਲਾਘਾਯੋਗ ਕਾਰਜ ਹੈ। ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਗ੍ਰੰਥੀ ਤੇ ਅਖੰਡਪਾਠੀ ਸਿੰਘਾਂ ਨੂੰ ਅਪੀਲ ਕੀਤੀ ਕਿ ਉਹ ਗੁਰਬਾਣੀ ਉਚਾਰਨ ਦੇ ਨਿਯਮਾਂ ਨੂੰ ਬਿਹਤਰ ਢੰਗ ਨਾਲ ਸਮਝਣ ਲਈ ਸੁਚੇਤ ਰੂਪ ਵਿਚ ਸੰਥਿਆ ਪ੍ਰਾਪਤ ਕਰਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਪੰਜ ਗੁਰਬਾਣੀ ਪਾਠ ਬੋਧ ਕਰਵਾਏ ਜਾ ਚੁੱਕੇ ਹਨ ਅਤੇ ਇਸ ਤਹਿਤ ਹਰ ਜਿਲ੍ਹੇ ਵਿਚ ਸਮਾਗਮ ਕੀਤੇ ਜਾਣਗੇ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖਸੀਅਤਾਂ ਅਤੇ ਗੁਰਬਾਣੀ ਦੀ ਸੰਥਿਆ ਦੇਣ ਵਾਲੇ ਵਿਦਵਾਨਾਂ ਨੂੰ ਗੁਰਦੁਆਰਾ ਕਮੇਟੀ ਵੱਲੋਂ ਸਨਮਾਨਤ ਵੀ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਜਥੇਦਾਰ ਗੁਰਮੇਲ ਸਿੰਘ ਸੰਗਤਪੁਰਾ ਤੋਂ ਇਲਾਵਾ ਤਖਤ ਸ੍ਰੀ ਦਮਦਮਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ, ਗੁਰਦੁਆਰਾ ਨਾਨਕਸਰ ਸਾਹਿਬ ਦੇ ਪ੍ਰਧਾਨ ਸ. ਕਰਨੈਲ ਸਿੰਘ, ਮੈਨੇਜਰ ਭਾਈ ਰਾਜਿੰਦਰ ਸਿੰਘ, ਗਿਆਨੀ ਜਸਵਿੰਦਰ ਸਿੰਘ ਸ਼ਹੂਰ, ਗਿਆਨੀ ਜਗਦੇਵ ਸਿੰਘ, ਭਾਈ ਪ੍ਰਮਿੰਦਰ ਸਿੰਘ, ਮੈਨੇਜਰ ਸ. ਕੁਲਵੰਤ ਸਿੰਘ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਜਸਪਾਲ ਸਿੰਘ, ਭਾਈ ਜੱਜ ਸਿੰਘ, ਸ. ਭੋਲਾ ਸਿੰਘ ਇੰਚਾਰਜ, ਭਾਈ ਹੀਰਾ ਸਿੰਘ ਸਮੇਤ ਹੋਰ ਮੌਜੂਦ ਸਨ।

# ਧਰਮ ਪ੍ਰਚਾਰ ਕਮੇਟੀ ਵੱਲੋਂ ਪਿੰਡ ਨਥੇਹਾ ਵਿਖੇ ਲਗਾਇਆ ਗਿਆ ਗੁਰਮਤਿ ਸਿਖਲਾਈ ਕੈਂਪ



ਸੀਂਗੋ ਮੰਡੀ – ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਮਾਲਵਾ ਜੋਨ ਦੇ ਪਿੰਡ ਨਥੇਹਾ ਵਿਖੇ ਲਗਾਏ ਗਏ ਸੱਤ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਤੇਜ ਸਿੰਘ ਢੱਡੇ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਸੱਤ ਦਿਨਾਂ ਤੋਂ ਬੱਚਿਆਂ ਨੂੰ ਸਿਖਾਈ ਗਈ ਸਿੱਖ ਰਹਿਤ ਮਰਿਆਦਾ, ਗੁਰ ਇਤਿਹਾਸ ਅਤੇ ਗੁਰਬਾਣੀ ਦਾ ਲਿਖਤੀ ਇਮਤਿਹਾਨ ਲਿਆ ਗਿਆ। ਪਹਿਲੀਆਂ ਪੁਜ਼ੀਸ਼ਨਾਂ ਲੈਣ ਵਾਲੇ ਬੱਚਿਆਂ ਨੂੰ ਹੌਸਲਾ ਅਫਜ਼ਾਈ ਇਨਾਮ ਵਜੋਂ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਅਤੇ ਸਰਟੀਫਿਕੇਟ ਦੇ ਕੇ ਮੈਂਬਰ ਅੰਤ੍ਰਿਗ ਕਮੇਟੀ ਸ. ਗੁਰਤੇਜ ਸਿੰਘ ਢੱਡੇ ਦੁਆਰਾ ਸਨਮਾਨਿਤ ਕੀਤਾ ਗਿਆ। ਸ. ਢੱਡੇ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਜਿੱਥੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ ਉੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਦਿਹਾੜਾ ਧੂਮਧਾਮ ਨਾਲ ਮਨਾਉਣ ਦੀ ਤਾਕੀਦ ਕੀਤੀ। ਉਨ੍ਹਾਂ ਦੇ ਧਰਮ ਦੇ ਪ੍ਰਚਾਰ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਦੇ ਲੰਗਰਾਂ ਲਈ ਬਰਤਨ, ਲਾਇਬਰੇਰੀ ਲਈ ਕਿਤਾਬਾਂ ਦੇ ਸੈੱਟ ਅਤੇ ਬੱਚਿਆਂ ਨੂੰ ਕੀਰਤਨ ਨਾਲ ਜੋੜਨ ਲਈ ਹਰਮੋਨੀਅਮ ਅਤੇ ਤਬਲਾ ਭੇਟ ਕੀਤਾ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕੀ ਕਮੇਟੀ ਵਲੋਂ ਸ. ਗੁਰਤੇਜ ਸਿੰਘ ਢੱਡੇ ਅਤੇ ਸਮੁੱਚੀ ਟੀਮ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।



# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਲਈ ਸ਼ਹੀਦ ਹੋਏ ਬਾਬਾ ਗੁਰਬਖ਼ਸ਼ ਸਿੰਘ ਨਿਹੰਗ ਦਾ ਇਤਿਹਾਸ ਲਾਸਾਨੀ-ਭਾਈ ਲੌਂਗੋਵਾਲ

## ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਦੀ ਸੇਵਾ ਸੰਪੂਰਨ ਹੋਣ ਉਪਰੰਤ ਸ਼ੁਕਰਾਨਾ ਸਮਾਗਮ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਨਿਹੰਗ ਸਿੰਘ ਦੀ ਇਮਾਰਤ ਦੇ ਨਵੀਨੀਕਰਨ ਦੀ ਸੇਵਾ ਸੰਪੂਰਨ ਹੋਣ 'ਤੇ ਸ਼ੁਕਰਾਨਾ ਸਮਾਗਮ ਕੀਤਾ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ। ਪਾਵਨ ਹੁਕਮਨਾਮੇ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰਦੁਆਰਾ ਸਾਹਿਬ ਦੀ ਕਾਰਸੇਵਾ ਕਰਵਾਉਣ ਲਈ ਭਾਈ ਸਵਿੰਦਰਪਾਲ ਸਿੰਘ ਅਤੇ ਭਾਈ ਇੰਦਰਪਾਲ ਸਿੰਘ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ, ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਜਰਨੈਲ ਸਿੰਘ ਕਰਤਾਰਪੁਰ ਵੀ ਮੌਜੂਦ ਸਨ।

ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਗੁਰਦੁਆਰਾ ਸ਼ਹੀਦ ਭਾਈ ਗੁਰਬਖ਼ਸ਼ ਸਿੰਘ ਦੀ ਵੱਡੀ ਇਤਿਹਾਸਕ ਮਹੱਤਤਾ ਹੋਣ ਕਰਕੇ ਸੰਗਤਾਂ ਇਥੇ ਸ਼ਰਧਾ ਅਤੇ ਸਤਿਕਾਰ ਨਾਲ ਨਤਮਸਤਕ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਦਾ ਇਤਿਹਾਸ ਲਾਸਾਨੀ ਹੈ, ਜਿਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਲਈ ਆਪਣੀ ਸ਼ਹਾਦਤ ਦਿੱਤੀ।

ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਸ. ਰਤਨ ਸਿੰਘ ਜਫਰਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਜਗਜੀਤ ਸਿੰਘ ਜੱਗੀ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਬੁੱਢਾ ਦਲ ਵੱਲੋਂ ਭਾਈ ਸੁਖਜੀਤ ਸਿੰਘ ਕਨ੍ਹੱਈਆ ਤੇ ਬਾਬਾ ਭਗਤ ਸਿੰਘ, ਬਾਬਾ ਰਣਜੀਤ ਸਿੰਘ ਗੋਨੇਆਣਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਹਰਜਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਸਿਮਰਜੀਤ ਸਿੰਘ, ਸ. ਕਰਮਬੀਰ ਸਿੰਘ, ਸ. ਸੁਰਿੰਦਰ ਸਿੰਘ ਰੁਮਾਲਿਆਂਵਾਲੇ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਹਲਕਾ ਕਾਲਾ ਅਫਗਾਨਾ ਵਿਚ ਆਪਣੇ ਬੱਚਿਆਂ ਨੂੰ ਸਿੱਖੀ ਸਰੂਪ ਵਿਚ ਪ੍ਰਪੱਕ ਰੱਖਣ ਵਾਲੀਆਂ ਬੀਬੀਆਂ ਸਨਮਾਨਤ



ਬਟਾਲਾ – ਸਾਹਿਬ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550 ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਹਲਕਾ ਕਾਲਾ ਅਫਗਾਨਾ ਵਿਚ ਸਥਿਤ ਗੁਰਦੁਆਰਾ ਓਠੀਆਂ ਸਹਿਬ ਵਿਖੇ ਵਿਸ਼ੇਸ ਤੌਰ ਤੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਆਪਣੇ ਬੱਚਿਆਂ ਨੂੰ ਸਿੱਖੀ ਸਰੂਪ ਨਾਲ ਜੋੜੀ ਰੱਖਣ ਵਾਲੀਆਂ 200 ਤੋਂ ਵੱਧ ਬੀਬੀਆਂ ਨੂੰ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੀ ਅੰਤ੍ਰਿਗ ਕਮੇਟੀ ਦੇ ਮੈਂਬਰ ਜਥੇਦਾਰ ਸੱਜਣ ਸਿੰਘ ਬੱਜੂਮਾਨ ਦੀ ਅਗਵਾਈ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਤੇ ਕਵੀਸ਼ਰ ਸਿੰਘਾਂ ਵਲੋਂ ਹਲਕਾ ਕਾਲਾ ਅਫ਼ਗਾਨਾ ਦੇ 23 ਪਿੰਡਾਂ 'ਚ ਸਮਾਗਮ ਕੀਤੇ ਗਏ। ਇਸ ਮੌਕੇ ਬੋਲਦਿਆਂ ਜਥੇਦਾਰ ਸੱਜਣ ਸਿੰਘ ਬੱਜੂਮਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਵੱਖ-ਵੱਖ ਪਿੰਡਾਂ ਵਿਚ ਸਮਾਗਮ ਕਰਕੇ ਆਪਣੇ ਬੱਚਿਆਂ ਨੂੰ ਸਿੱਖੀ ਵਿਰਸੇ ਨਾਲ ਜੋੜਨ ਵਾਲੀਆਂ ਬੀਬੀਆਂ ਨੂੰ ਸਨਮਾਨਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇੱਕ ਮਾਂ ਦਾ ਆਪਣੇ ਬੱਚੇ ਦੀ ਸ਼ਖਸੀਅਤ ਉਸਾਰੀ ਵਿਚ ਅਹਿਮ ਯੋਗਦਾਨ ਹੁੰਦਾ ਹੈ ਜਿਹੜੀਆਂ ਮਾਂਵਾਂ ਆਪਣੇ ਬੱਚਿਆਂ ਨੂੰ ਸੂਰਬੀਰ ਯੋਧਿਆਂ ਦੀਆਂ ਗਥਾਵਾਂ ਦਸਦੀਆਂ ਹੋਈਆਂ ਸਿੱਖੀ ਸਿਧਾਂਤਾਂ ਦੀ ਜਾਣਕਾਰੀ ਦੇ ਰਹੀਆਂ ਹਨ ਉਹ ਵਧਾਈ ਦੀਆਂ ਪਾਤਰ ਹਨ। ਉਨ੍ਹਾਂ ਕਿਹਾ ਕਿ ਇਹ ਕਾਰਜ਼ ਇਸੇ ਤਰ੍ਹਾਂ ਜਾਰੀ ਰਹਿਣਗੇ। ਇਸ ਮੌਕੇ ਮੈਨੇਜਰ ਸ. ਮਨਜੀਤ ਸਿੰਘ, ਪ੍ਰਚਾਰਕ ਭਾਈ ਗੁਰਨਾਮ ਸਿੰਘ ਦੌਰਾਂਗਲਾ, ਕਵੀਸ਼ਰੀ ਭਾਈ ਮਹਿਤਾਬ ਸਿੰਘ, ਜਥੇ. ਰਣਧੀਰ ਸਿੰਘ ਦਾਖਲਾ ਸਰਕਲ ਪ੍ਰਧਾਨ, ਸ. ਦਵਿੰਦਰ ਸਿੰਘ ਲਾਲੀ, ਸ. ਰਜਿੰਦਰ ਸਿੰਘ ਪ੍ਰਧਾਨ, ਜਥੇਦਾਰ ਹਰਚਰਨ ਸਿੰਘ ਹਸ਼ਨਪੁਰਾ, ਸ. ਸਬਾ ਸਿੰਘ ਸਰਪੰਚ ਜੌੜਾ ਸਿੰਘਾ, ਸ. ਮਹਿੰਦਰ ਸਿੰਘ ਜੌੜਾ ਸਿੰਘਾ, ਸ. ਤਰਸੇਮ ਸਿੰਘ ਸਰਪੰਚ ਅਹਿਮਦਾਬਾਦ, ਸ. ਇੰਦਰਜੀਤ ਸਿੰਘ ਅਹਿਮਦਾਬਾਦ, ਸ. ਪ੍ਰਿਤਪਾਲ ਸਿੰਘ, ਸ. ਸੁਖਪਾਲ ਸਿੰਘ ਧੌਲਪੁਰ, ਸ. ਰਘਬੀਰ ਸਿੰਘ, ਸ. ਅਮਰੀਕ ਸਿੰਘ ਮੱਲਿਆਂਵਾਲ, ਸ. ਬਲਵਿੰਦਰ ਸਿੰਘ ਬੰਬ, ਸ. ਸਰਦੂਲ ਸਿੰਘ, ਸ. ਗੋਬਿੰਦ ਸਿੰਘ ਬੱਜੂਮਾਨ, ਬੀਬੀ ਸੁਰਿੰਦਰਪਾਲ ਕੌਰ ਸਰਪੰਚ, ਬੀਬੀ ਸਰਬਜੋਤ ਕੌਰ ਪ੍ਰਚਾਰਕ ਆਦਿ ਹਾਜ਼ਰ ਸਨ।

# ਗੁਰੂ ਘਰਾਂ ਦੀਆਂ ਸੇਵਾਵਾਂ ਦੇ ਨਾਲ-ਨਾਲ ਧਰਮ ਪ੍ਰਚਾਰ ਦੇ ਕਾਰਜ ਕਰਨਾ ਸ਼੍ਰੋਮਣੀ ਕਮੇਟੀ ਦਾ ਮੁੱਖ ਏਜੰਡਾ-ਭਾਈ ਲੌਂਗੋਵਾਲ

## ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਚੋਹਲਾ ਸਾਹਿਬ ਵਿਖੇ ਕਾਰ ਸੇਵਾਵਾਂ ਦਾ ਆਰੰਭ

ਚੋਹਲਾ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਪੰਜਵੀਂ ਚੋਹਲਾ ਸਾਹਿਬ ਵਿਖੇ ਕਾਰ ਸੇਵਾ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਗੁਰਦੁਆਰਾ ਸਾਹਿਬ ਦੇ ਸਰੋਵਰ ਦਾ ਵਿਸਥਾਰ, ਨਵੀਂ ਸਰਾਂ ਬਣਾਉਣ, ਦਫ਼ਤਰੀ ਕੰਪਲੈਕਸ ਅਤੇ ਦਰਸ਼ਨੀ ਡਿਓੜੀ ਦੇ ਨਿਰਮਾਣ ਕਾਰਜ ਕੀਤੇ ਜਾਣਗੇ। ਸ਼੍ਰੋਮਣੀ ਕਮੇਟੀ ਵੱਲੋਂ ਇਹ ਕਾਰਸੇਵਾ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਨੂੰ ਸੌਂਪੀ ਗਈ ਹੈ। ਕਾਰਸੇਵਾ ਦੀ ਆਰੰਭਤਾ ਕਰਨ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੈਂਬਰ ਪਾਰਲੀਮੈਂਟ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਵਿਧਾਇਕ ਸ. ਰਵਿੰਦਰ ਸਿੰਘ ਬ੍ਰਹਮਪੁਰਾ, ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲੇ, ਸ. ਅਲਵਿੰਦਰਪਾਲ ਸਿੰਘ ਪੱਖੋਕੇ ਆਦਿ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਕਰਵਾਏ ਗਏ ਸਮਾਗਮ ਸਮੇਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਪ੍ਰਮੁੱਖ ਕਾਰਜ ਗੁਰੂ ਘਰਾਂ ਦੀਆਂ ਸੇਵਾਵਾਂ ਦੇ ਨਾਲ-ਨਾਲ ਧਰਮ ਪ੍ਰਚਾਰ ਅਤੇ ਪੰਥਕ ਮਸਲਿਆਂ ਦੀ ਪੈਰਵਾਈ ਕਰਨਾ ਹੈ, ਜਿਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਨਿਰੰਤਰ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਇਸ ਪਾਵਨ ਅਸਥਾਨ ਵਿਖੇ ਵੱਖ-ਵੱਖ ਕਾਰਜਾਂ ਲਈ ਬਾਬਾ ਜਗਤਾਰ ਸਿੰਘ ਤਰਨ ਤਾਰਨ ਵਾਲਿਆਂ ਨੂੰ ਕਾਰ ਸੇਵਾ ਸੌਂਪੀ ਗਈ ਹੈ ਅਤੇ ਇਸ ਨੂੰ ਮੁਕੰਮਲ ਕਰਨ ਲਈ ਸੰਗਤਾਂ ਸਹਿਯੋਗ ਦੇਣ। ਇਸ ਮੌਕੇ ਮੈਂਬਰ ਪਾਰਲੀਮੈਂਟ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਨੇ ਸ਼੍ਰੋਮਣੀ ਕਮੇਟੀ ਵੱਲੋਂ ਕਾਰਸੇਵਾ ਰਾਹੀਂ ਵੱਖ-ਵੱਖ ਕਾਰਜ ਕਰਵਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ਦੀ ਸੰਗਤਾਂ ਵਿਚ ਵੱਡੀ ਮਾਨਤਾ ਹੈ ਅਤੇ ਪ੍ਰਸੰਨਤਾ ਦੀ ਗੱਲ ਹੈ ਕਿ ਇਥੇ ਸੰਗਤਾਂ ਦੀ ਸਹੂਲਤ ਲਈ ਸਰਾਂ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਦਰਸ਼ਨੀ ਡਿਓੜੀ, ਸਰੋਵਰ, ਪਰਕਰਮਾਂ ਤੇ ਪ੍ਰਬੰਧਕੀ ਬਲਾਕ ਦੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਾਰ ਸੇਵਾਵਾਂ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਣ ਦੀ ਵਚਨਬਧਤਾ ਦਾ ਪ੍ਰਗਟਾਵਾ ਵੀ ਕੀਤਾ। ਇਸ ਤੋਂ ਇਲਾਵਾ ਸ਼੍ਰੋਮਣੀ



ਕਮੇਟੀ ਦੇ ਜਨਰਲ ਸਕੱਤਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਸਾਬਕਾ ਵਿਧਾਇਕ ਸ. ਰਵਿੰਦਰ ਸਿੰਘ ਬ੍ਰਹਮਪੁਰਾ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂੰ, ਸ. ਅਲਵਿੰਦਰਪਾਲ ਸਿੰਘ ਪੱਖੋਕੇ ਨੇ ਵੀ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ ਅਤੇ ਕਾਰ ਸੇਵਾਵਾਂ ਲਈ ਸ਼੍ਰੋਮਣੀ ਕਮੇਟੀ ਤੇ ਬਾਬਾ ਜਗਤਾਰ ਸਿੰਘ ਨੂੰ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ, ਜਥੇਦਾਰ ਗੁਰਬਚਨ ਸਿੰਘ ਕਰਮੂੰਵਾਲਾ, ਸ. ਜਗਜੀਤ ਸਿੰਘ, ਸ. ਗੁਰਿੰਦਰ ਸਿੰਘ ਟੋਨੀ ਤੇ ਸ. ਸਤਨਾਮ ਸਿੰਘ ਨੇ ਕਾਰ ਸੇਵਾ ਵਿਚ ਇੱਕ ਇੱਕ ਲੱਖ ਰੁਪਏ ਅਤੇ ਹੋਰਨਾਂ ਵੱਲੋਂ ਵੀ ਮਾਇਕ ਯੋਗਦਾਨ ਪਾਉਣ ਦਾ ਐਲਾਨ ਕੀਤਾ। ਸਮਾਗਮ ਦੌਰਾਨ ਬਾਬਾ ਜਗਤਾਰ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ, ਸ. ਗੁਰਬਚਨ ਸਿੰਘ ਕਰਮੂੰਵਾਲਾ ਤੇ ਸ. ਰਵਿੰਦਰ ਸਿੰਘ ਬ੍ਰਹਮਪੁਰਾ ਨੇ ਗੁਰੂ ਬਖ਼ਸ਼ਿਸ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਖਵਰਸ਼ ਸਿੰਘ ਪੰਨੂੰ, ਸ. ਗੁਰਿੰਦਰ ਸਿੰਘ ਟੋਨੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਸਕੱਤਰ ਸਿੰਘ ਭੂਰਾਕੋਹਨਾ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ., ਸ. ਅਮਰ ਸਿੰਘ, ਸ. ਪ੍ਰਗਟ ਸਿੰਘ ਮੈਨੇਜਰ ਆਦਿ ਮੌਜੂਦ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵੀਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਪ੍ਰਚਾਰਕ ਸ਼੍ਰੇਣੀ ਦਾ ਹੈ ਵੱਡਾ ਯੋਗਦਾਨ ਭਾਈ ਲੌਂਗੋਵਾਲ

## ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 312ਵੇਂ ਸੰਪੂਰਨਤਾ ਦਿਵਸ ਸਮਾਗਮ



ਤਲਵੰਡੀ ਸਾਬੋ - ਜੁਗੋ ਜੁੱਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 312ਵੇਂ ਸੰਪੂਰਨਤਾ ਦਿਵਸ ਸਮਾਗਮ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਖਾਲਸਾਈ ਜਾਹੋ ਜਲਾਲ ਨਾਲ ਆਰੰਭ ਹੋ ਗਏ। ਆਰੰਭਤਾ ਸਮਾਗਮਾਂ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਤਖਤ ਸਾਹਿਬਾਨ ਦੇ ਜਥੇਦਾਰ ਸਾਹਿਬਾਨ ਨੇ ਸ਼ਮੂਲੀਅਤ ਕੀਤੀ। ਸਮਾਗਮਾਂ ਦੀ ਆਰੰਭਤਾ ਸਮੇਂ ਗੁਰਦੁਆਰਾ ਲਿਖਣਸਰ ਸਾਹਿਬ (ਪਾ:10ਵੀਂ) ਵਿਖੇ ਸ੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਗਏ।

ਉਪਰੰਤ ਸੰਪੂਰਨਤਾ ਦਿਵਸ ਸਮਾਗਮਾਂ ਨੂੰ ਸਮਰਪਿਤ ਕਰਕੇ ਭਾਈ ਡੱਲ ਸਿੰਘ ਦੀਵਾਨ ਹਾਲ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕਾਂ, ਢਾਡੀਆਂ ਅਤੇ ਕਵੀਸ਼ਰਾਂ ਦੀ ਇਕ ਕਾਨਫਰੰਸ ਕੀਤੀ ਗਈ ਜਿਸ ਵਿਚ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਸ਼ੇਸ ਤੌਰ ਤੇ ਸ਼ਮੂਲੀਅਤ ਕੀਤੀ। ਭਾਈ ਲੌਂਗੋਵਾਲ ਨੇ ਆਪਣੇ ਸੰਬੋਧਨ ਦੌਰਾਨ ਸਿੱਖੀ ਦੇ ਪ੍ਰਚਾਰ ਨੂੰ ਹੋਰ ਹੁਲਾਰਾ ਦੇਣ ਲਈ ਮਾਲਵੇ ਵਿਚ ਬੀਤੇ ਸਮੇਂ ਤੋਂ ਵਿੱਢੀ ਪ੍ਰਚਾਰ ਲਹਿਰ ਨੂੰ ਘਰ ਘਰ ਤੱਕ ਲੈ ਜਾਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵੀਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਪ੍ਰਚਾਰਕ ਸ਼੍ਰੇਣੀ ਦਾ ਵੱਡਾ ਯੋਗਦਾਨ ਹੈ, ਇਸ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਤਨੋ ਮਨੋ ਸਮਰਪਿਤ ਹੋਈਏ। ਇਸ ਲਈ ਉਕਤ ਕਾਨਫਰੰਸ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸੰਬੋਧਨ ਕਰਦਿਆਂ ਪ੍ਰਚਾਰਕਾਂ ਨੂੰ ਅਪੀਲ ਕੀਤੀ ਕਿ ਉਹ ਸਿੱਖੀ ਪ੍ਰਚਾਰ ਦਾ ਫੋਕਸ ਨੌਜਵਾਨਾਂ 'ਤੇ ਰੱਖਣ ਤਾਂ ਕਿ ਸਿੱਖੀ ਤੋਂ ਬੇਮੁੱਖ ਹੋ ਚੁੱਕੇ ਜਾਂ ਨਸ਼ਿਆਂ ਆਦਿ ਵਿੱਚ ਗਲਤਾਨ ਹੋ ਚੁੱਕੇ ਨੌਜਵਾਨਾਂ ਨੂੰ ਗੁਰਮਤਿ ਦਾ ਗਿਆਨ ਦੇ ਕੇ ਮੁੜ ਬਾਣੀ ਅਤੇ ਬਾਣੇ ਨਾਲ ਜੋੜਿਆ ਜਾ ਸਕੇ।

ਪ੍ਰੁੱਜੀਆਂ ਸਖਸ਼ੀਅਤਾਂ ਦਾ ਧੰਨਵਾਦ ਕਰਦਿਆਂ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਬੀਤੇ ਸਮੇਂ ਵਿਚ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਆਰੰਭੀ ਧਰਮ ਪ੍ਰਚਾਰ ਲਹਿਰ ਦਾ ਵਧੀਆ ਅਸਰ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਸੈਂਕੜੇ ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਚੁੱਕੇ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪ੍ਰਚਾਰਕਾਂ ਦੀ ਉਕਤ ਕਾਨਫਰੰਸ ਬੁਲਾਉਣ ਦਾ ਮਕਸਦ ਅਗਲੇ ਸਾਲ ਮਨਾਏ ਜਾ ਰਹੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਲੈ ਕੇ ਪਿੰਡਾਂ ਸ਼ਹਿਰਾਂ ਵਿਚ ਧਰਮ ਪ੍ਰਚਾਰ ਦੀ ਗਤੀ ਨੂੰ ਹੋਰ ਤੇਜ਼ ਕਰਨਾ ਸੀ ਤਾਂ ਕਿ ਸਿੱਖ ਇਤਿਹਾਸ ਅਤੇ ਗੁਰਬਾਣੀ ਸਿਧਾਤਾਂ ਦੀ ਗਲ ਘਰ-ਘਰ ਤੱਕ ਪਹੁੰਚਾਈ ਜਾ ਸਕੇ।

ਇਸ ਮੌਕੇ ਭਾਈ ਲੌਂਗੋਵਾਲ ਅਤੇ ਸਿੰਘ ਸਾਹਿਬਾਨ ਵੱਲੋਂ ਗੱਤਕਾ ਮੁਕਾਬਲਿਆਂ ਦੀ ਆਰੰਭਤਾ ਵੀ ਕਰਵਾਈ ਗਈ। ਇਨ੍ਹਾਂ ਸਮਾਗਮਾਂ ਵਿੱਚ ਸ਼੍ਰੋਮਣੀ ਕਮੇਟੀ ਦੇ ਅੰਤ੍ਰਿਗ ਮੈਂਬਰ ਜਥੇਦਾਰ ਗੁਰਤੇਜ ਸਿੰਘ ਢੱਡੇ, ਭਾਈ ਮਨਜੀਤ ਸਿੰਘ ਬੱਪੀਆਣਾ ਮੈਂਬਰ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਸਕੱਤਰ ਸ. ਬਲਵਿੰਦਰ ਸਿੰਘ ਜੌੜਾ ਸਿੰਘਾ, ਤਖ਼ਤ ਸਾਹਿਬ ਦੇ ਮੈਨੇਜਰ ਭਾਈ ਕਰਨ ਸਿੰਘ, ਭਾਈ ਭੋਲਾ ਸਿੰਘ ਇੰਚਾਰਜ ਧਰਮ ਪ੍ਰਚਾਰ ਉੱਪ ਦਫ਼ਤਰ ਆਦਿ ਹਾਜ਼ਰ ਸਨ।

## ਸਿੱਖੀ ਸਰੂਪ ਮੇਰਾ ਅਸਲੀ ਰੂਪ ਤਹਿਤ ਸਮਾਗਮ



ਬਟਾਲਾ- ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸ. ਬਲਵਿੰਦਰ ਸਿੰਘ ਜੌੜਾ ਸਿੰਘਾ ਸਕੱਤਰ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਕਾਲਾ ਅਫਗਾਨਾ ਦੀ ਨੁਮਾਇੰਦਗੀ ਕਰਦੇ ਜਥੇਦਾਰ ਸੱਜਣ ਸਿੰਘ ਬੱਜੂਮਾਨ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਕਮੇਟੀ ਵੱਲੋਂ ਤੀਸਰੇ ਪੜ੍ਹਾਅ ਤਹਿਤ ਪਿੰਡ ਮਲਕਪੁਰ ਦੇ ਗੁਰਦੁਆਰਾ ਤਪ ਅਸਥਾਨ ਵਿਖੇ ਬਾਬਾ ਸਰਵਣ ਸਿੰਘ ਤੇ ਬਾਬਾ ਸੁਖਵਿੰਦਰ ਸਿੰਘ ਮਲਕਪੁਰ ਦੇ ਸਹਿਯੋਗ ਦੁਆਰਾ ਉਨ੍ਹਾਂ ਭੈਣਾਂ ਤੇ ਮਾਤਾਵਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਨੇ ਆਪ ਅੰਮ੍ਰਿਤ ਛਕਿਆ ਤੇ ਉਨ੍ਹਾਂ ਦੇ ਬੱਚੇ ਸਿੱਖੀ ਸਰੂਪ ਵਾਲੇ ਹਨ।

ਜੱਥੇਦਾਰ ਬੱਜੂਮਾਨ ਨੇ ਵੱਖ-ਵੱਖ ਪਿੰਡਾਂ ਤੋਂ ਆਈਆਂ ਭੈਣਾਂ, ਮੁਖੀਆਂ ਤੇ ਗ੍ਰੰਥੀ ਸਿੰਘਾਂ ਨੂੰ ਇਸ ਸਮਾਗਮ ਵਿਚ ਆਉਣ 'ਤੇ ਧੰਨਵਾਦ ਕੀਤਾ। ਬਾਬਾ ਸਰਵਣ ਸਿੰਘ ਮਲਕਪੁਰ ਅਤੇ ਬਾਬਾ ਸੁਖਵਿੰਦਰ ਸਿੰਘ ਵੱਲੋਂ ਆਈਆਂ ਸੰਗਤਾਂ ਅਤੇ ਜੱਥੇਦਾਰ ਬੱਜੂਮਾਨ, ਮੈਨੇਜਰ ਸ. ਮਨਜੀਤ ਸਿੰਘ, ਸ. ਦਵਿੰਦਰ ਸਿੰਘ ਲਾਲੀ, ਸ. ਰਣਜੀਤ ਸਿੰਘ ਵੜੈਚ ਪ੍ਰਚਾਰਕ, ਸ. ਸਿਮਰਜੀਤ ਸਿੰਘ ਪ੍ਰਚਾਰਕ, ਭਾਈ ਮਹਿਤਾਬ ਸਿੰਘ ਕਵੀਸ਼ਰ, ਸ. ਤਰਸੇਮ ਸਿੰਘ ਸੇਖਵਾਂ, ਸ. ਲਾਲ ਸਿੰਘ ਹਰਸੀਆਂ, ਸ. ਪ੍ਰਿਤਪਾਲ ਸਿੰਘ ਸੋਨੀ, ਸ. ਗੋਬਿੰਦ ਸਿੰਘ, ਸ. ਅਮਰੀਕ ਸਿੰਘ ਮੂਲਿਆਂਵਾਲ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਹਿਬ ਨੂੰ ਸਮਾਗਮ ਦੀ ਸਫਲਤਾ ਲਈ ਵਧਾਈ ਵੀ ਦਿੱਤੀ। ਇਸ ਮੌਕੇ ਪਿੰਡ ਕੋਟਲੀ ਸ਼ਾਹੀਆ, ਕੋਟਲੀ ਫੱਸੀ, ਕੰਡਿਆਲ ਕੋਟਲੀ ਭਾਨ ਸਿੰਘ, ਲਖੋਰਾਹ, ਧੁੱਪਸੜ ਮਲਕਪੁਰ, ਪੁਰਾਣਾ ਪਿੰਡ, ਮਸਾਣੀਆਂ, ਦੀਵਾਨੀਵਾਲ ਕਲਾਂ ਤੇ ਖੁਰਦ, ਲੌਂਗੋਵਾਲ ਕਲਾਂ ਤੇ ਖੁਰਦ, ਕਾਲੀਆ ਆਦਿ ਪਿੰਡਾਂ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਨੇ ਸਮਾਗਮ ਵਿਚ ਪਹੁੰਚ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸੰਗਤਾਂ ਨੇ ਸ਼੍ਰੋਮਣੀ ਕਮੇਟੀ ਤੋਂ ਅੱਗੋਂ ਵੀ ਇਹੋ ਜਿਹੇ ਸਮਾਗਮ ਕਰਾਉਣ ਦੀ ਮੰਗ ਕੀਤੀ।



25 ਅਗਸਤ ਨੂੰ ਗੁਰਦੁਆਰਾ ਕਰਨਸਰ ਸਾਹਿਬ ਪਿੰਡ ਘੁੱਦਾ (ਬਠਿੰਡਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਵਾਲੇ 25 ਪ੍ਰਾਣੀਆਂ ਨਾਲ ਪੰਜ ਪਿਆਰੇ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਅਮਰੀਕ ਸਿੰਘ ਕੋਟਸ਼ਮੀਰ।

# ਵੱਖ-ਵੱਖ ਪਿੰਡਾਂ ਵਿਚ ਬੱਚਿਆਂ ਦੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪਾਂ ਦੇ ਦ੍ਰਿਸ਼



ਗੁਰਦੁਆਰਾ ਗੁਰੂ ਕਾ ਬਾਗ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਦੌਰਾਨ 36 ਪ੍ਰਾਣੀਆਂ ਨੇ ਖੰਡੇ ਬਾਟੇ ਦੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਅੰਮ੍ਰਿਤਸਰ ਦੇ ਪਿੰਡ ਗਦਲੀ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 89 ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



11 ਅਗਸਤ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 76 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਨਾਨਕਸਰ ਸੌੜੀਆਂ ਤਹਿਸੀਲ ਅਜਨਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਦੌਰਾਨ 110 ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ।



ਪਿੰਡ ਬਾਸਰਕੇ ਭੈਣੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 27 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਪਿੰਡ ਚੁੱਘੇ ਕਲਾਂ (ਬਠਿੰਡਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨਾਲ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਅਮਰੀਕ ਸਿੰਘ ਕੋਟ ਸ਼ਮੀਰ ਤੇ ਪੰਜ ਪਿਆਰੇ ਸਾਹਿਬਾਨ।



ਗੁਰਦੁਆਰਾ ਸਾਹਿਬ ਹਾਜੀਰਤਨ ਬਠਿੰਡਾ ਵਿਖੇ ਅੰਮ੍ਰਿਤ ਸੰਚਾਰ ਸਮੇਂ 25 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਸਾਹਿਬ ਪਾ: ਨੌਵੀਂ ਪਿੰਡ ਬਰੇ (ਮਾਨਸਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 108 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਮਹਿਮੂਦ ਪੁਰ ਵਿਖੇ ਅੰਮ੍ਰਿਤ ਸੰਚਾਰ ਸਮੇਂ 15 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਪਿੰਡ ਮੁਸਤਫਾਬਾਦ ਸੈਂਦਾ (ਗੁਰਦਾਸਪੁਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 17 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਪਾ: ਨੌਵੀਂ ਬਾਬਾ ਬਕਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 66 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



ਪਿੰਡ ਚੱਬਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 32 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



24 ਜੁਲਾਈ ਨੂੰ ਪਿੰਡ ਸਾਘਣਾ ਤੇ ਸਾਘਣਾ ਕਾਲੋਨੀ ਵਿਖੇ ਗੁਰਮਤਿ ਸਿਖਲਾਈ ਕਲਾਸ ਦੌਰਾਨ ਭਾਈ ਸੁਖਵੰਤ ਸਿੰਘ ਪ੍ਰਚਾਰਕ ਤੇ ਕਵੀਸ਼ਰ ਭਾਈ ਸਤਨਾਮ ਸਿੰਘ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ।



ਪਬਲਿਕ ਸਕੂਲ ਸੇਖਵਾਂ (ਗੁਰਦਾਸਪੁਰ) ਵਿਖੇ ਬੱਚਿਆਂ ਨਾਲ ਵਿਚਾਰਾਂ ਸਾਂਝੀਆਂ ਕਰਦੇ ਹੋਏ ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ ਬੀਬੀ ਰੁਪਿੰਦਰ ਕੌਰ ਤੇ ਕਵੀਸ਼ਰ ਭਾਈ ਕੰਵਲਜੀਤ ਸਿੰਘ।



ਬਾਬਾ ਬਸਤਾ ਸਿੰਘ ਸੀਨੀ:ਸੈਕੰ: ਸਕੂਲ ਰਸੂਲਪੁਰ ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਦੁਆਬਾ ਜ਼ੋਨ ਦੇ ਇੰਚਾਰਜ ਸ. ਸਰਬਜੀਤ ਸਿੰਘ ਢੋਟੀਆਂ।



ਹਲਕਾ ਜਲਾਲਾਬਾਦ ਦੇ ਪਿੰਡ ਮੋਹਨ ਕੇ ਉਤਾੜ ਵਿਖੇ 28 ਜੁਲਾਈ ਨੂੰ ਬੱਚਿਆਂ ਦੇ ਲਗਾਏ ਗਏ 6 ਰੋਜ਼ਾ ਗੁਰਮਤਿ ਕੈਂਪ ਦੌਰਾਨ ਗੁਰਮਿਤ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਤੇ ਕਵੀਸ਼ਰ ਸਾਹਿਬਾਨ।



10 ਅਗਸਤ ਨੂੰ ਅਕਾਲ ਅਕੈਡਮੀ ਸੁਲਤਾਨਪੁਰ ਲੋਧੀ ਵਿਖੇ ਬੱਚਿਆਂ ਨੂੰ ਪਹਿਲੇ ਪਾਤਸ਼ਾਹ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਜਾਣਕਾਰੀ ਦਿੱਤੀ ਗਈ।



ਗੁਰੂ ਨਾਨਕ ਸਕੂਲ ਧਾਰੀਵਾਲ (ਗੁਰਦਾਸਪੁਰ) ਵਿਖੇ ਬੱਚੀਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੀ ਪ੍ਰਚਾਰਕ ਬੀਬੀ ਰਾਜਬੀਰ ਕੌਰ।



ਸ੍ਰੀ ਗੁਰੂ ਅਰਜਨ ਦੇਵ ਪਬਲਿਕ ਸਕੂਲ ਬਾਰਠ ਸਾਹਿਬ ਵਿਖੇ ਗੁਰਮਤਿ ਅਨੁਸਾਰ ਬੱਚਿਆਂ ਦੀ ਸ਼ਖਸੀਅਤ ਉਸਾਰੀ ਸਬੰਧੀ ਸਿੱਖਿਆ ਦਿੰਦੇ ਹੋਏ ਭਾਈ ਅਮਰੀਕ ਸਿੰਘ ਚਿੱਟੀ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ



ਪਿੰਡ ਚੂਲੜ ਖੁਰਦ ਵਿਖੇ ਲਗਾਏ ਗਏ ਦਸਤਾਰ ਤੇ ਗੁਰਬਾਣੀ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਮੈਂਬਰ ਸ. ਰਾਮਪਾਲ ਸਿੰਘ ਬਹਿਣੀਵਾਲ ਤੇ ਪ੍ਰਚਾਰਕ ਸਾਹਿਬਾਨ।



ਫਰੀਦਕੋਟ ਦੇ ਪਿੰਡ ਪੱਖੀ ਕਲਾ ਵਿਖੇ ਲਗਾਏ ਗੁਰਮਤਿ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਜਥੇਦਾਰ ਲਖਬੀਰ ਸਿੰਘ ਅਰਾਈਆਵਾਲਾ, ਮੈਂਬਰ ਬੀਬੀ ਗੁਰਿੰਦਰ ਕੌਰ ਅਤੇ ਪ੍ਰਚਾਰਕ ਭਾਈ ਰਵਿੰਦਰ ਸਿੰਘ।



ਪਿੰਡ ਕਾਲੀ ਵਿਖੇ ਲਗਾਏ ਗਏ ਦਸਤਾਰ ਤੇ ਗੁਰਬਾਣੀ ਸਿਖਲਾਈ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਮੈਂਬਰ ਸ. ਰਾਮਪਾਲ ਸਿੰਘ ਬਹਿਣੀਵਾਲ ਤੇ ਪ੍ਰਚਾਰਕ ਸਾਹਿਬਾਨ।



ਪਿੰਡ ਮੋਹਨਕੇ ਉਤਾੜ ਵਿਚ ਲਗਾਏ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਚਾਰਕ ਭਾਈ ਸੁਰਜੀਤ ਸਿੰਘ, ਕਵੀਸ਼ਰ ਭਾਈ ਰੇਸ਼ਮ ਸਿੰਘ ਅਤੇ ਹੋਰ।



12 ਅਗਸਤ ਨੂੰ ਪਿੰਡ ਲਾਡਬੰਜਾਰਾ ਖੁਰਦ, ਦਿੜ੍ਹਬਾ ਵਿਖੇ ਲਗਾਏ ਗੁਰਮਤਿ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਜਥੇਦਾਰ ਹਰਦੇਵ ਸਿੰਘ ਰੋਗਲਾ ਅਤੇ ਪ੍ਰਚਾਰਕ ਸਾਹਿਬਾਨ।

# 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਬਾਹਲੇ ਸੂਬਿਆਂ 'ਚ ਸੰਗਤਾਂ ਨਾਲ ਰਾਬਤਾ

## ਧਰਮ ਪ੍ਰਚਾਰ ਕਮੇਟੀ ਵੱਲੋਂ ਛੱਤੀਸਗੜ੍ਹ ਦੇ ਵੱਖ-ਵੱਖ ਗੁਰੂ ਘਰਾਂ ਲਈ ਦਿੱਤੀ ਗਈ ਸਹਾਇਤਾ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਯਾਦਗਾਰੀ ਢੰਗ ਨਾਲ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਸੰਗਤ ਨਾਲ ਰਾਬਤਾ ਬਣਾਇਆ ਜਾ ਰਿਹਾ ਹੈ। ਪਿਛਲੇ ਦਿਨੀਂ ਜਿਥੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਖੁਦ ਮੁੰਬਈ ਦੀ ਸੰਗਤ ਅਤੇ ਉਥੋਂ ਦੇ ਮੋਹਤਬਰ ਸਿੱਖਾਂ ਨਾਲ ਇਸ ਸਬੰਧ ਵਿਚ ਵਿਚਾਰ ਵਿਟਾਂਦਰਾ ਕਰ ਕੇ ਆਏ ਹਨ, ਉਥੇ ਹੀ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਤਿੰਨ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਸ. ਰਾਮਪਾਲ ਸਿੰਘ ਬਹਿਣੀਵਾਲ ਤੇ ਸ. ਮਨਜੀਤ ਸਿੰਘ ਬੱਪੀਆਣਾ ਨੇ ਵੀ ਪੰਜਾਬ ਤੋਂ ਬਾਹਰਲੇ ਕੁਝ ਸੂਬਿਆਂ ਵਿਚ ਸੰਗਤਾਂ ਨੂੰ ਪ੍ਰੇਰਿਤ ਕੀਤਾ ਹੈ। ਇਸ ਸਬੰਧ ਵਿਚ ਛੱਤੀਸਗੜ੍ਹ ਦੀ ਰਾਜਧਾਨੀ ਰਾਏਪੁਰ ਵਿਖੇ ਸਥਿਤ ਸ਼੍ਰੋਮਣੀ ਕਮੇਟੀ ਦੇ ਸਿੱਖ ਮਿਸ਼ਨ ਦੇ ਇੰਚਾਰਜ ਗਿਆਨੀ ਗੁਰਮੀਤ ਸਿੰਘ ਸੈਣੀ ਦੇ ਉਪਰਾਲੇ ਨਾਲ ਕਰਵਾਏ ਗਏ ਇੱਕ ਵਿਸ਼ੇਸ਼ ਸਮਾਗਮ ਵਿਚ ਧਰਮ ਪ੍ਰਚਾਰ ਕਮੇਟੀ ਦੇ ਇਨ੍ਹਾਂ ਤਿੰਨੇ ਮੈਂਬਰਾਂ ਸਮੇਤ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਸ਼ਮੂਲੀਅਤ ਕੀਤੀ ਅਤੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੀ ਦੇਖ-ਰੇਖ ਹੇਠ ਚੱਲ ਰਹੇ ਗੁਰੂ ਤੇਗ ਬਹਾਦਰ ਅਜਾਇਬਘਰ ਵਿਖੇ ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਉਧਮ ਸਿੰਘ ਦੇ ਵੱਡ ਆਕਾਰੀ ਚਿੱਤਰਾਂ ਤੋਂ ਵੀ ਪਰਦਾ ਹਟਾਇਆ ਗਿਆ। ਇਸ ਤੋਂ ਇਲਾਵਾ ਛੱਤੀਸਗੜ੍ਹ ਦੇ ਵੱਖ ਵੱਖ ਗੁਰਦੁਆਰਾ ਸਾਹਿਬਾਨ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਹਾਇਤਾ ਰਾਸ਼ੀ ਦੇ ਚੈੱਕ ਵੀ ਦਿੱਤੇ ਗਏ। ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਜਾਣਕਾਰੀ ਦਿਤੀ ਕਿ ਧਰਮ ਪ੍ਰਚਾਰ ਦੇ ਮੰਤਵ ਨਾਲ ਰਾਏਪੁਰ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਮਿਸ਼ਨ, ਅਜਾਇਬਘਰ ਅਤੇ ਗੁਰਮਤਿ ਵਿਦਿਆਲਾ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰੂ ਤੇਗ ਬਹਾਦਰ ਸਾਹਿਬ ਅਜਾਇਬਘਰ ਗਵਰਨਰ ਹਾਊਸ ਦੇ ਬਿਲਕੁਲ ਸਾਹਮਣੇ ਹੈ, ਜਿਸ ਵਿਚ ਸਿੱਖ ਗੁਰੂ ਸਾਹਿਬਾਨ ਅਤੇ ਮਹਾਨ ਸਿੱਖ ਯੋਧਿਆਂ ਦੀਆਂ ਤਸਵੀਰਾਂ ਸੁਸ਼ੋਭਿਤ ਹਨ। ਇਸ ਅਜਾਇਬਘਰ ਵਿਚ ਸ਼ਹੀਦ ਭਗਤ ਸਿੰਘ ਤੇ ਸ਼ਹੀਦ ਉਧਮ ਸਿੰਘ ਦੇ ਚਿੱਤਰ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਦੋਹਾਂ ਹੀ ਸ਼ਹੀਦਾਂ ਨੂੰ ਦਸਤਾਰ ਵਾਲੇ ਸਰੂਪ ਨਾਲ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਥੇ ਖੋਲ੍ਹੇ ਗਏ ਗੁਰਮਤਿ ਵਿਦਿਆਲੇ ਦਾ ਮਕਸਦ ਇਸ ਖੇਤਰ ਵਿਚ ਸਿੱਖੀ ਪ੍ਰਚਾਰ ਲਈ ਸਥਾਨਕ ਲੋਕਾਂ ਵਿੱਚੋਂ ਪ੍ਰਚਾਰਕ ਤੇ ਰਾਗੀ ਤਿਆਰ ਕਰਨਾ ਹੈ ਤਾਂ ਜੋ ਇਥੋਂ ਦੀਆਂ ਸੰਗਤਾਂ ਨੂੰ ਗੁਰਮਤਿ ਫਲਸਫੇ ਨਾਲ ਜੋੜਿਆ ਜਾ ਸਕੇ। ਉਨ੍ਹਾਂ ਛੱਤੀਸਗੜ੍ਹ ਦੇ ਗੁਰਦੁਆਰਾ ਸਾਹਿਬਾਨ ਨੂੰ ਦਿੱਤੀ ਸਹਾਇਤਾ ਰਾਸ਼ੀ ਬਾਰੇ ਦੱਸਿਆ ਕਿ ਗੁਰਦੁਆਰਾ ਸਿੰਘ ਸਭਾ ਭਲਈ ਜਿਲ੍ਹਾ ਦੁਰਗ ਵੱਲੋਂ ਮੁਫਤ ਹਸਪਤਾਲ ਚਲਾਇਆ ਜਾ ਰਿਹਾ ਹੈ, ਜਿਸ ਲਈ 2 ਲੱਖ ਰੁਪਏ ਦਿੱਤੇ ਗਏ ਹਨ। ਇਸ ਤੋਂ ਇਲਾਵਾ ਗੁਰਦੁਆਰਾ ਸਿੰਘ ਸਭਾ ਬਾਗ ਬਹਾਰਾ (ਮਹਾਂਸਮੁੰਦ) ਲਈ 1 ਲੱਖ ਰੁਪਏ, ਗੁਰਦੁਆਰਾ ਸਿੰਘ ਸਭਾ ਬਿਲਹਾ (ਬਿਲਾਸਪੁਰ) ਲਈ 1 ਲੱਖ ਰੁਪਏ, ਗੁਰਦੁਆਰਾ ਸਿੰਘ ਸਭਾ ਮੇਘਾ (ਧਮਤਰੀ) ਲਈ 1 ਲੱਖ ਰੁਪਏ ਅਤੇ ਗੁਰਦੁਆਰਾ ਭਗਤ ਕਬੀਰ ਸਾਹਿਬ ਲਈ 1 ਲੱਖ ਰੁਪਏ ਦੀ ਸਾਹਇਤਾ ਰਾਸ਼ੀ ਦੇ ਚੈੱਕ ਦਿੱਤੇ ਗਏ। ਉਨ੍ਹਾਂ ਇਹ ਵੀ ਦੱਸਿਆ ਕਿ ਧਰਮ ਪ੍ਰਚਾਰ ਕਮੇਟੀ ਦੇ ਮੈਂਬਰਾਂ ਵੱਲੋਂ ਬੀਤੇ ਦਿਨਾਂ ਤੋਂ ਵੱਖ ਵੱਖ ਗੁਰਦੁਆਰਾ ਸਾਹਿਬਾਨ ਵਿਖੇ ਜਾ ਕੇ ਸੰਗਤਾਂ ਨੂੰ ਜਿਥੇ ਪਹਿਲੇ ਪਾਤਸ਼ਾਹ ਜੀ ਦੇ 550 ਸਾਲਾ ਪ੍ਰਕਾਸ਼ ਦਿਹਾੜੇ ਸਬੰਧੀ ਉਤਸ਼ਾਹਿਤ ਕੀਤਾ ਗਿਆ ਉਥੇ ਹੀ ਸੰਗਤਾਂ ਦੀ ਮੁਸ਼ਕਿਲਾਂ ਵੀ ਸੁਣੀਆਂ ਗਈਆਂ ਹਨ। ਇਸ ਮੌਕੇ ਸ. ਵਰਿੰਦਰ ਸਿੰਘ ਠਰੂ, ਗਿਆਨੀ ਗੁਰਮੀਤ ਸਿੰਘ ਸੈਣੀ, ਐਡਵੋਕੇਟ ਤੇਜਪਾਲ ਸਿੰਘ, ਸ. ਸਰਵਣ ਸਿੰਘ, ਸ. ਇੰਦਰਜੀਤ ਸਿੰਘ, ਸ. ਅਮਰਜੀਤ ਸਿੰਘ, ਸ. ਬਹਾਦਰ ਸਿੰਘ, ਬੀਬੀ ਜਗਜੀਤ ਕੌਰ ਸਮੇਤ ਹੋਰ ਮੌਜੂਦ ਸਨ।

# ਗੁਰੂ ਨਾਨਕ ਸਾਹਿਬ ਦੀ ਪ੍ਰਕਾਸ਼ ਸ਼ਤਾਬਦੀ ਸਮੁੱਚੇ ਸੰਸਾਰ ਦੇ ਸਿੱਖ ਸ਼ਰਧਾ ਭਾਵਨਾ ਨਾਲ ਮਨਾਉਣਗੇ-ਭਾਈ ਲੌਂਗੋਵਾਲ

## 23 ਮਾਰਚ 2019 ਨੂੰ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ, ਕਰਨਾਟਕਾ ਵਿਖੇ ਹੋਣਗੇ ਵਿਸ਼ਾਲ ਗੁਰਮਤਿ ਸਮਾਗਮ



ਅੰਮ੍ਰਿਤਸਰ, ਬਿਦਰ- ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਨਾਨਕ ਝੀਰਾ ਸਾਹਿਬ ਦੀ ਇਮਾਰਤ ਦੇ ਨਵੀਨੀਕਰਨ ਦਾ ਕਾਰਜ਼ ਮੁਕੰਮਲ ਹੋਣ ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਅਰਦਾਸ ਉਪਰੰਤ ਸੁਭ ਅਰੰਭ ਕੀਤਾ ਗਿਆ ਅਤੇ ਇਕ ਨਵੀਂ ਯਾਤਰੂ ਨਿਵਾਸ ਦਾ ਨੀਹ ਪੱਥਰ ਰੱਖਿਆ ਗਿਆ। ਇਸ ਮੌਕੇ ਬੋਲਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਪਾਵਨ ਧਰਤੀ ਤੇ ਗੁਰੂ ਸਾਹਿਬ ਦੀਆਂ ਰਹਿਮਤਾਂ ਬਰਸੀਆਂ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖ ਕੌਮ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸੰਸਾਰ ਪੱਧਰ ਤੇ ਮਨਾ ਰਹੀ ਹੈ। ਇਸੇ ਤਹਿਤ ਗੁਰੂ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ ਕਰਨਾਟਕਾ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਏ ਜਾਣਗੇ। ਜਿਸ ਲਈ ਸਮੂਹ ਸੰਗਤਾਂ ਰਲ ਕੇ ਇਨ੍ਹਾਂ ਸਮਾਗਮਾਂ ਨੂੰ ਸਫਲ ਕਰਨ ਲਈ ਜਤਨਸ਼ੀਲ ਹੋਣ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਅਤੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦਸਿਆ ਕਿ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਥਾਨਕ ਸਭਾ ਸੁਸਾਇਟੀਆਂ, ਧਾਰਮਿਕ ਜਥੇਬੰਦੀਆਂ ਅਤੇ ਕਾਰਸੇਵਾ ਵਾਲੇ ਮਹਾਂਪੁਰਸ਼ਾ ਨਾਲ ਇਕ ਵਿਸ਼ੇਸ ਇਕੱਤਰਤਾ ਕਰਨ ਲਈ ਇਥੇ ਪਹੁੰਚੇ ਸਨ। ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਕਰਨਾਲ, ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਨਿੱਜੀ ਸਕੱਤਰ ਸ. ਜਗਜੀਤ ਸਿੰਘ ਜੱਗੀ ਵੀ ਸਨ।

ਉਨ੍ਹਾਂ ਦਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪਹਿਲਾਂ ਇਕ ਚਾਰ ਮੈਂਬਰੀ ਟੀਮ ਸ਼੍ਰੋਮਣੀ ਕਮੇਟੀ ਮੈਂਬਰ ਸ. ਕੁਲਵੰਤ ਸਿੰਘ ਮੰਨਣ ਦੀ ਅਗਵਾਈ ਵਿਚ ਭੇਜੀ ਗਈ ਸੀ ਜਿਸ ਵਿਚ ਸ. ਸਰਵਨ ਸਿੰਘ ਕੁਲਾਰ ਮੈਂਬਰ ਸ਼੍ਰੋਮਣੀ ਕਮੇਟੀ, ਉਘੇ ਵਿਦਵਾਨ ਸ. ਭਗਵਾਨ ਸਿੰਘ ਜੋਹਲ ਅਤੇ ਸ. ਤਜਿੰਦਰ ਸਿੰਘ ਪੱਡਾ ਮੀਤ ਸਕੱਤਰ ਸਾਮਲ ਸਨ। ਉਨ੍ਹਾਂ ਦੱਸਿਆ ਕਿ ਸਿੰਘ ਸਾਹਿਬ ਜਥੇਦਾਰ ਜੋਤਇੰਦਰ ਸਿੰਘ ਹਜੂਰ ਸਾਹਿਬ, ਬਾਬਾ ਬਲਵਿੰਦਰ ਸਿੰਘ, ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲੇ, ਸ. ਮਨਜੀਤ ਸਿੰਘ ਜੀ.ਕੇ. ਪ੍ਰਧਾਨ ਦਿੱਲੀ ਕਮੇਟੀ, ਸ. ਪਰਮਜੀਤ ਸਿੰਘ ਰਾਣੂ, ਗੁਰਦੁਆਰਾ ਨਾਨਕ ਝੀਰਾ ਸਾਹਿਬ ਦੇ ਪ੍ਰਧਾਨ ਡਾ. ਬਲਬੀਰ ਸਿੰਘ, ਸ. ਗੁਰਿੰਦਰ ਸਿੰਘ ਬਾਵਾ ਮੈਂਬਰ ਸ਼੍ਰੋਮਣੀ ਕਮੇਟੀ ਮੁੰਬਈ ਤੇ ਬੀਬੀ ਪਰਮਜੀਤ ਕੌਰ ਪਿੰਕੀ ਪ੍ਰਧਾਨ ਇਸਤਰੀ ਅਕਾਲੀ ਦਲ ਮੁੰਬਈ ਦੇ ਸਹਿਯੋਗ ਨਾਲ ਸਥਾਨਕ ਸਭਾਵਾਂ ਅਤੇ ਸੰਗਤਾਂ ਨਾਲ ਇਕ ਵਿਸ਼ੇਸ ਇਕੱਤਰਤਾ ਕੀਤੀ ਗਈ। ਜਿਸ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਪ੍ਰਕਾਸ਼ ਸ਼ਤਾਬਦੀ ਨੂੰ ਸਮਰਪਿਤ ਦੱਖਣ ਦੇ ਪੰਜ ਰਾਜਾਂ, ਕਰਨਾਟਕ, ਆਂਧਰਾ ਪ੍ਰਦੇਸ਼, ਤਿਲੰਗਾਨਾ, ਮਹਾਂਰਾਸਟਰਾ ਅਤੇ ਮੱਧਪ੍ਰਦੇਸ਼ ਦਾ ਵਿਸ਼ਾਲ ਗੁਰਮਤਿ ਸਮਾਗਮ 23 ਮਾਰਚ ਨੂੰ ਗੁਰਦੁਆਰਾ ਨਾਨਕ ਝੀਰਾ ਸਾਹਿਬ ਵਿਖੇ ਕਰਵਾਉਣ ਦਾ ਫੈਸਲਾ ਲਿਆ ਗਿਆ। ਉਨ੍ਹਾਂ ਦਸਿਆ ਕਿ ਇਹ ਸਮਾਗਮ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਦੇੜ, ਬਾਬਾ ਬਲਵਿੰਦਰ ਸਿੰਘ, ਬਾਬਾ ਨਰਿੰਦਰ ਸਿੰਘ ਕਾਰ ਸੇਵਾ ਹਜ਼ੂਰ ਸਾਹਿਬ ਵਾਲੇ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ। ਇਸ ਸਮਾਗਮ ਵਿਚ ਪੰਜਾਂ ਰਾਜਾਂ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਲ ਹੋਣਗੀਆਂ।

ਇਸ ਮੌਕੇ ਗੁਰਦੁਆਰਾ ਨਾਨਕ ਝੀਰਾ ਸਾਹਿਬ ਦੇ ਪ੍ਰਧਾਨ ਡਾ. ਬਲਬੀਰ ਸਿੰਘ, ਕਾਰ ਸੇਵਾ ਹਜ਼ੂਰ ਸਾਹਿਬ ਵਾਲੇ ਬਾਬਾ ਬਲਵਿੰਦਰ ਸਿੰਘ ਤੇ ਬਾਬਾ ਨਰਿੰਦਰ ਸਿੰਘ ਬਾਬਾ ਗੁਰਿੰਦਰ ਸਿੰਘ ਅਤੇ ਹੋਰ ਸੰਗਤਾਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਨਾਲ ਆਈ ਟੀਮ ਨੂੰ ਸਨਮਾਨਤ ਵੀ ਕੀਤਾ ਗਿਆ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਪਿੰਡ ਨਲਵੀ, ਸ਼ਾਹਬਾਦ (ਕੁਰੂਕਸੇਤਰ) ਵਿਖੇ 22 ਤੋਂ 26 ਅਗਸਤ ਤਕ ਬੱਚਿਆਂ ਦੇ ਲਗਾਏ ਗਏ ਗੁਰਮਤਿ ਕੈਂਪ ਸਮੇਂ ਭਾਈ ਮਨਮੀਤ ਸਿੰਘ ਤੇ ਭਾਈ ਬਚਿੱਤਰ ਸਿੰਘ ਬੱਚਿਆਂ ਨਾਲ।

# ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਲੰਗਰ ਹਾਲ ਦਾ ਨੀਂਹ ਪੱਥਰ ਰੱਖਿਆ



ਅੰਮ੍ਰਿਤਸਰ- ਇਤਿਹਾਸਿਕ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਬਾਬਾ ਬਕਾਲਾ ਸਾਹਿਬ ਵਿਖੇ ਲੰਗਰ ਹਾਲ ਦੀ ਕਾਰ ਸੇਵਾ ਦਾ ਆਰੰਭ ਅਰਦਾਸ ਉਪਰੰਤ ਪੰਜ ਸਿੰਘਾਂ ਵੱਲੋਂ ਟੱਪ ਲਗਾ ਕੇ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਸੰਗਤਾਂ ਦੇ ਵਿਸ਼ੇਸ਼ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਇਸ ਪਾਵਨ ਅਸਥਾਨ ਦੀ ਸਿੱਖ ਇਤਿਹਾਸ ਵਿਚ ਵੱਡੀ ਮਹੱਤਤਾ ਹੈ, ਜਿਸ ਤੋਂ ਪ੍ਰੇਰਣਾ ਪ੍ਰਾਪਤ ਕਰ ਕੇ ਸਾਨੂੰ ਆਪਣਾ ਜੀਵਨ ਗੁਰਮਤਿ ਜੁਗਤ ਅਨੁਸਾਰ ਬਤੀਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਜੀ ਦੇ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਦੀ ਸਹੂਲਤ ਲਈ ਨਵੇਂ ਲੰਗਰ ਹਾਲ ਦੀ ਇਮਾਰਤ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ, ਜਿਸ ਦੀ ਕਾਰਸੇਵਾ ਬਾਬਾ ਲਾਭ ਸਿੰਘ ਅਤੇ ਬਾਬਾ ਹਰਭਜਨ ਸਿੰਘ ਕਿਲ੍ਹਾ ਅਨੰਦਗੜ੍ਹ ਸਾਹਿਬ ਵਾਲਿਆਂ ਨੂੰ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਤਿਹਾਸਕ ਗੁਰਦੁਆਰਾ ਸਾਹਿਬਾਨਾਂ ਦੇ ਵਿਕਾਸ ਕਾਰਜ ਲਈ ਵਚਨਬਧ ਹੈ ਅਤੇ ਸੰਗਤਾਂ ਦੀ ਸਹੂਲਤ ਅਨੁਸਾਰ ਸਮੇਂ-ਸਮੇਂ 'ਤੇ ਗੁਰੂ ਘਰਾਂ ਅੰਦਰ ਕਾਰ ਸੇਵਾਵਾਂ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਲੰਗਰ ਹਾਲ ਦੀ ਆਰੰਭ ਕੀਤੀ ਗਈ ਕਾਰ ਸੇਵਾ ਸਮੇਂ ਸਿਰ ਮੁਕੰਮਲ ਹੋਵੇਗੀ। ਇਸ ਮੌਕੇ ਸਥਾਨਕ ਸ਼੍ਰੋਮਣੀ ਕਮੇਟੀ ਮੈਂਬਰਾਂ ਅਤੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਪਹਿਲਾਂ ਭਾਈ ਲੌਂਗੋਵਾਲ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਵੀ ਹੋਏ। ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਭਗਵੰਤ ਸਿੰਘ ਸਿਆਲਕਾ, ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਬਲਵਿੰਦਰ ਸਿੰਘ ਵੇਂਈਪੂਈਂ, ਸ. ਬਲਜੀਤ ਸਿੰਘ ਜਲਾਲਉਸਮਾ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਗੁਰਨਾਮ ਸਿੰਘ ਜੱਸਲ, ਸ. ਕਸ਼ਮੀਰ ਸਿੰਘ ਬਰਿਆਰ, ਸ. ਅਮਰੀਕ ਸਿੰਘ ਵਿਛੋਆ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਸ. ਜਗਜੀਤ ਸਿੰਘ ਜੱਗੀ ਨਿੱਜੀ ਸਕੱਤਰ, ਬਾਬਾ ਲਾਭ ਸਿੰਘ, ਬਾਬਾ ਹਰਭਜਨ ਸਿੰਘ ਭਲਵਾਨ ਸ੍ਰੀ ਅਨੰਦਪੁਰ ਸਾਹਿਬ ਵਾਲੇ, ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਗੱਜਣ ਸਿੰਘ ਤਰਨਾ ਦਲ ਬਾਬਾ ਬਕਾਲਾ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਸੁਬੇਗ ਸਿੰਘ ਗੋਬਿੰਦਵਾਲ ਵਾਲੇ, ਬਾਬਾ ਅਵਤਾਰ ਸਿੰਘ ਠੱਠਾ ਟਿੱਬਾ, ਬਾਬਾ ਬੋਹੜ ਸਿੰਘ ਦਮਦਮਦੀ ਟਕਸਾਲ, ਭਾਈ ਭੁਪਿੰਦਰ ਸਿੰਘ ਹੈੱਡ ਗ੍ਰੰਥੀ, ਸ. ਮੇਜਰ ਸਿੰਘ ਮੈਨੇਜਰ, ਸ. ਮੋਹਨ ਸਿੰਘ ਕੰਗ ਮੀਤ ਮੈਨੇਜਰ, ਸ. ਪਰਮਿੰਦਰ ਸਿੰਘ ਸਰਪੰਚ ਬਾਬਾ ਬਕਾਲਾ, ਸ. ਮਨਜੀਤ ਸਿੰਘ ਘੁਮਾਣ, ਸ. ਭਗਵੰਤ ਸਿੰਘ ਸਾਬਕਾ ਸਰਪੰਚ, ਸ. ਜਸਪਾਲ ਸਿੰਘ ਚਾਵਲਾ, ਡਾ. ਪ੍ਰਭਜੀਤ ਸਿੰਘ, ਸ. ਸੁਖਵਿੰਦਰ ਸਿੰਘ, ਸ. ਇੰਦਰਜੀਤ ਸਿੰਘ, ਸ. ਬਲਵਿੰਦਰ ਸਿੰਘ, ਸ. ਰਾਮ ਸਿੰਘ ਸਾਬਕਾ ਮੀਤ ਸਕੱਤਰ ਆਦਿ ਮੌਜੂਦ ਸਨ।

# ਪਿੰਡ ਸਤਕੋਹਾ ਵਿਖੇ ਮਹੀਨਾ ਭਰ ਚੱਲਿਆ ਗੁਰਮਤਿ ਸਿਖਲਾਈ ਕੈਂਪ

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਸਤਕੋਹਾ ਵਿਖੇ ਇੱਕ ਮਹੀਨੇ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਲਖਬੀਰ ਸਿੰਘ ਮੁਸਤਫਾਬਾਦ ਵੱਲੋਂ ਨੌਜੁਆਨਾਂ ਤੇ ਬੱਚਿਆਂ ਨੂੰ ਗੁਰਬਾਣੀ ਸੰਥਿਆ ਦੇ ਨਾਲ-ਨਾਲ ਸਿੱਖ ਇਤਿਹਾਸ ਤੋਂ ਵੀ ਜਾਣੂੰ ਕਰਵਾਇਆ ਗਿਆ। ਕੈਂਪ ਵਿਚ ਨੌਜੁਆਨਾਂ ਤੇ ਬੱਚਿਆਂ ਨੇ ਪੂਰਾ ਮਹੀਨਾ ਬੜੇ ਉਤਸ਼ਾਹ ਨਾਲ ਹਾਜ਼ਰੀ ਬਰੀ। ਕੈਂਪ ਦੀ ਸਮਾਪਤੀ ਸਮੇਂ ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖਿਆਰਥੀਆਂ ਨੂੰ ਸਰਟੀਫਿਕੇਟ ਤੇ ਮੈਡਲ ਨਾਲ ਸਨਮਾਨਿਤ ਕੀਤਾ ਗਿਆ।

ਪਿੰਡ ਦੀ ਲੋਕਲ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਭਾਈ ਗੁਰਪ੍ਰੀਤ ਸਿੰਘ ਅਤੇ ਬੱਚਿਆਂ ਮਾਪਿਆਂ ਨੇ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਮੰਗ ਕੀਤੀ ਕਿ ਇਹੋ ਜਿਹੇ ਕੈਂਪ ਹਰ ਸਾਲ ਆਯੋਜਿਤ ਕੀਤੇ ਜਾਣ।

# ਸ਼੍ਰੋਮਣੀ ਕਮੇਟੀ ਵੱਲੋਂ ਕੇਰਲਾ ਵਿਖੇ ਹੜ੍ਹ ਪੀੜਤਾਂ ਲਈ ਰਾਹਤ ਕਾਰਜ ਜਾਰੀ

## ਦੁੱਖ ਦੀ ਘੜੀ ਵਿਚ ਸਮੁੱਚਾ ਸਿੱਖ ਜਗਤ ਕੇਰਲ ਵਾਸੀਆਂ ਦੇ ਨਾਲ -ਭਾਈ ਲੌਂਗੋਵਾਲ






## ਲੰਗਰ, ਦਵਾਈਆਂ ਅਤੇ ਘਰੇਲੂ ਸਮਾਨ ਦੀਆਂ ਕਿੱਟਾਂ ਆਦਿ ਦੀ ਰਾਹਤ ਲਗਾਤਾਰ ਜਾਰੀ

ਅੰਮ੍ਰਿਤਸਰ- ਕੁਦਰਤ ਦੇ ਨਜਾਰਿਆਂ ਵਜੋਂ ਪੂਰੇ ਦੇਸ਼ ਵਿਚ ਮਸ਼ਹੂਰ ਕੇਰਲਾ ਪਿਛਲੇ ਦਿਨੀ ਭਿਆਨਕ ਹੜ੍ਹਾਂ ਦੀ ਚਪੇਟ ਵਿਚ ਆਇਆ ਹੋਇਆ ਹੈ। ਕੁਦਰਤੀ ਕਰੋਪੀ ਦਾ ਸ਼ਿਕਾਰ ਹੋਏ ਕੁਦਰਤੀ ਸੁੰਦਰਤਾ ਦੇ ਇਸ ਖਜਾਨੇ ਦੇ ਹਾਲਾਤ ਨਰਕ ਤੋਂ ਵੀ ਬਦਤਰ ਹਨ। ਇਸ ਵੇਲੇ ਜਿਆਦਾਤਰ ਇਲਾਕਿਆਂ ਵਿਚੋਂ



ਪਾਣੀ ਨਿਕਲਣ ਤੋਂ ਬਾਅਦ ਮੁਸੀਬਤਾਂ ਇਕ ਇਕ ਕਰਕੇ ਵਧਦੀਆਂ ਜਾ ਰਹੀਆਂ ਹਨ। ਪਾਣੀ ਨਿਕਲਣ ਤੋਂ ਬਾਅਦ ਘਰਾਂ ਦਾ ਜੋ ਹਸ਼ਰ ਵੇਖਣ ਨੂੰ ਮਿਲ ਰਿਹਾ ਹੈ ਉਹ ਦ੍ਰਿਸ਼ ਵੇਖ ਕੇ ਦਿਲ ਕੰਬ ਉਠਦਾ ਹੈ। ਤਿਲ ਤਿਲ ਜੋੜ ਕੇ ਹਰ ਇਨਸਾਨ ਘਰ ਬਨਾਉਦਾ ਹੈ ਤੇ ਆਪਣੇ ਸੁਪਨਿਆਂ ਦੇ ਮਹਿਲ ਨੂੰ ਆਪਣੀ ਸਮਰੱਥਾ ਤੋਂ ਵੱਧ ਕੇ ਸਜਾਉਂਦਾ ਹੈ ਪਰ ਕੇਰਲਾ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਘਰਾਂ ਦੀ ਤਬਾਹੀ ਦਾ ਮੰਜਰ ਦੇਖ ਕੇ ਅੱਖਾਂ ਨਮ ਹੋ ਜਾਂਦੀਆਂ ਹਨ। ਹਫਤੇ ਤੋਂ ਜਿਆਦਾ ਲੱਖਾਂ ਘਰ ਹੜ੍ਹ ਦੇ ਪਾਣੀ ਵਿਚ ਡੁੱਬੇ ਰਹੇ ਜਿਸ ਕਾਰਨ ਘਰਾਂ ਦਾ ਬਿਜਲੀ ਦਾ ਸਮਾਨ, ਫਰਨੀਚਰ, ਦਰਵਾਜ਼ੇ ਖਿੜਕੀਆਂ ਸਭ ਬੁਰੀ ਤਰ੍ਹਾਂ ਖਰਾਬ ਹੋ ਚੁੱਕਿਆ ਹੈ। ਇਸ ਵਕਤ ਜੋ ਤਸਵੀਰਾਂ ਸਾਹਮਣੇ ਆ ਰਹੀਆਂ ਹਨ ਉਹ ਹੋਈ ਤਬਾਹੀ ਨੂੰ ਬਿਆਨ ਕਰਦੀਆਂ ਹਨ। ਲੋਕਾਂ ਦੀ ਪਹਿਲੀ ਪ੍ਰੇਸ਼ਾਨੀ ਸੀ ਹੜ੍ਹਾਂ ਸਮੇਂ ਆਪਣੀ ਜਾਨ ਬਚਾਉਣਾ ਪਰ ਹੁਣ ਉਸ ਤੋਂ ਵੱਡੀ ਪ੍ਰੇਸ਼ਾਨੀ ਹੈ ਆਪਣੇ ਘਰਾਂ ਨੂੰ ਮੁੜ ਤੋਂ ਰਹਿਣ ਲਈ ਤਿਆਰ ਕਰਨਾ। ਇੱਕ ਹਫਤੇ ਤੋਂ ਵੱਧ 8-8 ਫੁਟ ਪਾਣੀ ਵਿਚ ਡੁੱਬੇ ਰਹੇ ਇਨ੍ਹਾ ਘਰਾਂ ਦਾ ਕੋਈ ਵੀ ਸਮਾਨ ਨਹੀਂ ਬਚਿਆ ਇਥੋਂ ਤਕ ਕੇ ਅਨੇਕਾਂ ਘਰ ਵੀ ਢਹਿ ਗਏ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਦਰਤੀ ਆਫਤਾਂ ਦਾ ਸ਼ਿਕਾਰ ਹੋਏ ਲੋਕਾਂ ਦੀ ਹਮੇਸ਼ਾਂ ਮਦਦ ਲਈ ਤਿਆਰ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਕਿਹਾ ਕਿ ਦੁਖੀ ਤੇ ਲੋੜਵੰਦ ਲੋਕਾਂ ਦੀ ਮੱਦਦ ਕਰਨਾ ਸਿੱਖਾਂ ਦਾ ਧਰਮ ਕਰਤੱਵ ਹੈ ਅਤੇ ਸਿੱਖ ਹਮੇਸ਼ਾ ਗੁਰੂ ਦਰਸਾਏ ਮਾਰਗ ਅਨੁਸਾਰ ਹਰ ਮੁਸ਼ਕਿਲ ਸਮੇਂ ਮੋਹਰੀ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਕੇਰਲਾ ਵਿਚ ਹੜ੍ਹਾਂ ਦੌਰਾਨ ਪ੍ਰਭਾਵਤ ਹੋਏ ਲੋਕਾਂ ਦੀ ਸਹਾਇਤਾ ਲਈ ਸਿੱਖ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਇਸ ਕੁਦਰਤੀ ਕਰੋਪੀ ਦੌਰਾਨ



ਹੋਏ ਜਾਨੀ ਤੇ ਮਾਲੀ ਨੁਕਸਾਨ 'ਤੇ ਜਿਥੇ ਦੁੱਖ ਤੇ ਹਮਦਰਦੀ ਪ੍ਰਗਟ ਕੀਤੀ, ਉਥੇ ਹੀ ਹੜ੍ਹ ਪੀੜਤਾਂ ਦੀ ਹਰ ਸੰਭਵ ਸਹਾਇਤਾ ਲਈ ਵਚਨਬਧਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਇਸ ਔਖੀ ਘੜ੍ਹੀ ਸਮੇਂ ਪੀੜਤਾਂ ਦੀ ਮਦਦ ਲਈ ਸਮੁੱਚੀ ਮਨੁੱਖਤਾ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸੰਕਟ ਖ਼ਤਮ ਹੋਣ ਤੱਕ ਹਮਦਰਦੀ ਦੀ ਭਾਵਨਾ ਤਹਿਤ ਕਾਰਜ ਕਰਨੇ ਚਾਹੀਦੇ ਹਨ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਲਗਾਤਾਰ ਰਾਹਤ ਕਾਰਜ ਜਾਰੀ ਰੱਖੇਗੀ ਅਤੇ ਹਲਾਤ ਠੀਕ ਹੋਣ ਤੀਕ ਇਹ ਕਾਰਜ ਜਾਰੀ ਰਹਿਣਗੇ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੇਰਲਾ ਦੇ ਹੜ੍ਹ ਪੀੜਤਾਂ ਦੀ ਮੱਦਦ ਲਈ ਸਥਾਨਕ ਭਾਈ ਗੁਰਦਾਸ ਹਾਲ ਤੋਂ ਰਾਹਤ ਸਮੱਗਰੀ ਰਵਾਨਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਕੇਰਲਾ 'ਚ ਹੜ੍ਹਾਂ ਕਾਰਨ ਬੇਘਰ ਹੋਏ ਲੋਕਾਂ ਦਾ ਦਰਦ ਵੱਡਾ ਹੈ, ਜਿਸ ਨੂੰ ਵੰਡਾਉਣ ਲਈ ਸਮੁੱਚਾ ਸਿੱਖ ਜਗਤ ਕੇਰਲਾ ਵਾਸੀਆਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੇਰਲਾ 'ਚ ਇਕ ਵਿਸ਼ੇਸ਼ ਟੀਮ ਰਾਹਤ ਕਾਰਜ ਕਰ ਰਹੀ ਹੈ ਅਤੇ ਸ਼੍ਰੋਮਣੀ ਕਮੇਟੀ ਦਾ ਯਤਨ ਹੈ ਕਿ ਕੇਰਲਾ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਸੇਵਾਵਾਂ ਦਿੱਤੀਆਂ ਜਾਣ। ਉਨ੍ਹਾਂ ਦੱਸਿਆ ਕਿ ਕੇਰਲਾ ਵਿਖੇ ਸ਼੍ਰੋਮਣੀ ਕਮੇਟੀ ਦੇ ਮੁੱਖ ਰਾਹਤ ਕੇਂਦਰ ਚੱਲ ਰਹੇ ਹਨ, ਜਿਨ੍ਹਾਂ ਤੋਂ ਹੜ੍ਹ ਪ੍ਰਭਾਵਿਤ ਇਲਾਕਿਆ ਵਿਚ ਰਾਹਤ ਸਮੱਗਰੀ ਲਗਾਤਾਰ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੇਰਲਾ 'ਚ ਹੜ੍ਹਾਂ ਤੋਂ ਬਾਅਦ ਦੀ ਸਥਿਤੀ ਨਾਲ ਨਿਪਟਣ ਲਈ ਮੈਡੀਕਲ ਸੇਵਾਵਾਂ ਵੀ ਵਿਸ਼ੇਸ਼ ਤੌਰ 'ਤੇ ਦਿੱਤੀਆਂ ਜਾ ਰਹੀਆਂ ਹਨ, ਤਾਂ ਜੋ ਹੜ੍ਹਾਂ ਕਾਰਨ ਫੈਲਣ ਵਾਲੀਆਂ ਬਿਮਾਰੀਆਂ ਤੋਂ ਸਥਾਨਕ ਲੋਕਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੇਰਲਾ ਭੇਜੀ ਗਈ ਰਾਹਤ ਸਮੱਗਰੀ ਵਿਚ ਵਾਧਾ ਕਰਦਿਆਂ ਕੁਝ ਹੋਰ ਸਮਾਨ ਭੇਜਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਿਚ ਲੋਕਾਂ ਦੀਆਂ ਬੁਨਿਆਦੀ ਲੋੜਾਂ ਦੀ ਪੂਰਤੀ ਲਈ ਬਿਸਤਰੇ, ਦਰੀਆ, ਤਰਪਾਲਾ ਆਦਿ ਤੋਂ ਇਲਾਵਾ ਰਾਸ਼ਣ ਆਦਿ ਭੇਜਿਆ ਗਿਆ ਹੈ।

ਜਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲਾਂ ਹੀ ਰਾਹਤ ਸਮੱਗਰੀ ਸਮੇਤ ਕੇਰਲਾ ਲਈ ਇਕ ਟੀਮ ਭੇਜੀ ਗਈ ਸੀ। ਇਸ ਟੀਮ ਵਿਚ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ ਤੇ ਸ. ਹਰਪ੍ਰੀਤ ਸਿੰਘ ਸਮੇਤ 35 ਦੇ ਕਰੀਬ ਮੁਲਾਜਮ ਸ਼ਾਮਲ ਹਨ। ਹੋਰ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਦਰਤੀ ਆਫਤਾਂ ਸਮੇਂ ਹਮੇਸ਼ਾਂ ਹੀ ਦੁਖੀ ਲੋਕਾਂ ਦੀ ਮੱਦਦ ਕਰਦੀ ਰਹੀ ਹੈ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੇਰਲਾ ਵਿਚ ਵੱਖ ਵੱਖ ਥਾਵਾਂ 'ਤੇ ਰਾਹਤ ਕੈਂਪ ਲਗਾਏ ਗਏ ਹਨ ਅਤੇ ਪੀੜਤਾਂ ਲਈ ਲੰਗਰ, ਬਸਤਰ ਅਤੇ ਮੁਢਲੀਆਂ ਸਿਹਤ ਸਹੂਲਤਾਂ ਦਾ ਪ੍ਰਬੰਧ ਕੀਤਾ



ਗਿਆ ਹੈ। ਉਨ੍ਹਾਂ ਦੱਸਿਆ ਕਿ ਭੇਜੇ ਗਏ ਸਮਾਨ ਵਿਚ ਆਟਾ, ਖੰਡ, ਸੁੱਕਾ ਦੁੱਧ, ਦਾਲਾਂ, ਚੌਲ, ਮਸਾਲੇ, ਸਾਬਣ, ਪੇਸਟ ਤੇ ਟੁੱਥ ਬੁਰਸ਼ ਆਦਿ ਸ਼ਾਮਲ ਹੈ ਅਤੇ ਇਸ ਤੋਂ ਇਲਾਵਾ ਦੀਵਾਈਆਂ ਵੀ ਭੇਜੀਆਂ ਗਈਆਂ ਹਨ।

ਡਾ. ਰੂਪ ਸਿੰਘ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਰਾਹਤ ਟੀਮ ਵੱਲੋਂ ਕੋਚੀਨ ਦੇ ਗੁਰਦੁਆਰਾ ਸਿੰਘ ਸਭਾ ਦੀ ਮਦਦ ਨਾਲ ਚੰਦੀਰੂਰ ਦੇ ਅਲ ਅਮੀਰ ਪਬਲਿਕ ਸਕੂਲ ਵਿਖੇ ਰਾਹਤ ਕੈਂਪ ਸਥਾਪਿਤ ਕਰ ਕੇ ਲੋੜਵੰਦਾਂ ਦੀ ਮੱਦਦ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਕੂਲ ਵਿਚ 500 ਦੇ ਕਰੀਬ ਲੋਕਾਂ ਨੂੰ ਖਾਣ-ਪੀਣ ਦੀਆਂ ਵਸਤਾਂ ਦੇ ਨਾਲ ਮੁੱਢਲੀਆਂ ਮੈਡੀਕਲ ਸੇਵਾਵਾਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਮੁੱਖ ਸਕੱਤਰ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਰਾਹਤ ਕਾਰਜਾਂ ਵਿਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੈਂਗਲੌਰ ਵੱਲੋਂ ਸ. ਜਸਪਾਲ ਸਿੰਘ, ਸ. ਮਨਦੀਪ ਸਿੰਘ, ਸ. ਤੇਜਬੀਰ ਸਿੰਘ, ਸ. ਹਰਮੀਤ ਸਿੰਘ, ਸ. ਹਰਬੰਸ ਸਿੰਘ ਅਤੇ ਗੁਰਦੁਆਰਾ ਸਿੰਘ ਸਭਾ ਕੋਚੀ ਦੇ ਮੈਂਬਰ ਸ. ਕੁਲਬੀਰ ਸਿੰਘ, ਸ. ਜਸਬੀਰ ਸਿੰਘ, ਸ. ਅਵਤਾਰ ਸਿੰਘ, ਸ. ਅਮਰਜੀਤ ਸਿੰਘ ਅਤੇ ਹੋਰ ਸਿੱਖ ਸੰਗਤਾਂ ਵੱਲੋਂ ਵੀ ਵੱਲੋਂ ਸਹਿਯੋਗ ਕੀਤਾ ਜਾ ਰਿਹਾ ਹੈ।





